ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1747 | 21 May, 2024 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

## ਭਾਰਤੀਆਂ ਨੂੰ ਵੀਜ਼ਾ ਮੁਕਤ ਐਂਟਰੀ ਦੇਵੇਗਾ ਰੂਸ, ਜਲਦ ਹੋਵੇਗਾ ਐਲਾਨ

**ਮਾਸਕੋ (ਰੂਸ) ਸਾਂਝੀ ਸੋਚ ਬਿਊਰੋ**

ਭਾਰਤ ਅਤੇ ਰੂਸ ਦੀ ਦੋਸਤੀ ਵਿੱਚ ਇੱਕ ਹੋਰ ਅਧਿਆਏ ਜੋੜਦੇ ਹੋਏ ਰੂਸ ਨੇ ਭਾਰਤੀਆਂ ਲਈ ਇੱਕ ਵਿਸ਼ੇਸ਼ ਯੋਜਨਾ ਦਾ ਐਲਾਨ ਕੀਤਾ ਹੈ। ਭਾਰਤ ਅਤੇ ਰੂਸ ਦੋਵਾਂ ਦੇਸ਼ਾਂ ਵਿਚਾਲੇ ਯਾਤਰਾ ਨੂੰ ਆਸਾਨ ਬਣਾਉਣ ਲਈ ਵੀਜ਼ਾ ਮੁਕਤ ਸਮਝੌਤੇ 'ਤੇ ਦਸਤਖਤ ਹੋਣ ਵਾਲੇ ਹਨ। ਇਸ ਦੁਵੱਲੇ ਸਮਝੌਤੇ 'ਤੇ ਰੂਸ ਅਤੇ ਭਾਰਤ ਵਿਚਾਲੇ ਸਲਾਹ-ਮਸ਼ਵਰਾ ਜੂਨ 'ਚ ਸ਼ੁਰੂ ਹੋਵੇਗਾ। ਰੂਸੀ ਮੰਤਰੀ ਨੇ ਕਿਹਾ ਹੈ ਕਿ ਮਾਸਕੋ ਅਤੇ ਨਵੀਂ ਦਿੱਲੀ ਵੀਜ਼ਾ-ਮੁਕਤ ਸਮੂਹ ਟੂਰਿਸਟ ਐਕਸਚੇਂਜ ਸ਼ੁਰੂ ਕਰਕੇ ਆਪਣੇ ਸੈਰ-ਸਪਾਟਾ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਆਰ.ਟੀ. ਨਿਊਜ਼ ਨੇ ਰੂਸੀ ਆਰਥਿਕ ਵਿਕਾਸ ਮੰਤਰਾਲੇ ਦੇ ਬਹੁ-ਪੱਖੀ ਆਰਥਿਕ ਸਹਿਯੋਗ ਅਤੇ ਵਿਸ਼ੇਸ਼ ਪ੍ਰੋਜੈਕਟਾਂ ਦੇ ਵਿਭਾਗ ਦੀ ਡਾਇਰੈਕਟਰ ਨਿਕਿਤਾ ਕੋਂਦ੍ਰਤਯੇਵ ਦੇ ਹਵਾਲੇ ਨਾਲ ਕਿਹਾ, ''ਭਾਰਤ ਨਾਲ ਵੀਜ਼ਾ ਮੁਕਤ ਸਮਝੌਤੇ 'ਤੇ ਗੱਲਬਾਤ ਅੰਤਿਮ ਪੜਾਅ 'ਤੇ ਹੈ''। ਇੰਨਾ ਹੀ ਨਹੀਂ, ਕੋਂਡਰਾਤਯੇਵ ਨੇ ਕਿਹਾ ਕਿ ਰੂਸ, ਚੀਨ ਅਤੇ





ਈਰਾਨ ਦੇ ਨਾਲ ਪਹਿਲਾਂ ਤੋਂ ਹੀ ਸਥਾਪਿਤ ਵੀਜ਼ਾ-ਮੁਕਤ ਟੂਰਿਸਟ ਐਕਸਚੇਂਜ ਦੀ ਸਫਲਤਾ ਨੂੰ ਦੁਹਰਾਉਣ ਦੀ ਯੋਜਨਾ ਬਣਾ ਰਿਹਾ ਹੈ।ਰੂਸ ਅਤੇ ਚੀਨ ਨੇ ਪਿਛਲੇ ਸਾਲ 1 ਅਗਸਤ ਨੂੰ ਆਪਣੇ ਵੀਜ਼ਾ ਮੁਕਤ ਸਮੂਹ ਟੂਰਿਸਟ ਐਕਸਚੇਂਜ ਦੀ ਸ਼ੁਰੂਆਤ ਕੀਤੀ ਸੀ। ਇਸੇ ਤਰ੍ਹਾਂ, ਰੂਸ ਅਤੇ ਈਰਾਨ ਵਿਚਕਾਰ ਵੀਜ਼ਾ-ਮੁਕਤ ਸਮੂਹ ਸੈਲਾਨੀ ਆਦਾਨ-ਪ੍ਰਦਾਨ ਉਸੇ ਤਾਰੀਖ ਨੂੰ ਸ਼ੁਰੂ ਹੋਇਆ, ਜਿਸ ਨਾਲ ਸੈਰ-ਸਪਾਟਾ ਸਹਿਯੋਗ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੋਈ।

## ਅਮਰੀਕਾ 'ਚ ਹਿੰਦੂ ਸਟੱਡੀਜ਼ ਕੋਰਸ 'ਚ ਵਿਦਿਆਰਥੀਆਂ ਦੀ ਗਿਣਤੀ ਵਧੀ

**ਨਿਊਯਾਰਕ ਸਾਂਝੀ ਸੋਚ ਬਿਊਰੋ**

ਅਮਰੀਕਾ ਵਿਚ ਭਾਰਤੀ ਸੰਸਕ੍ਰਿਤੀ ਦੀ ਭਰੋਸੇਯੋਗਤਾ ਅਤੇ ਲੋਕਪ੍ਰਿਅਤਾ ਵਧ ਰਹੀ ਹੈ। ਅਮਰੀਕਾ ਦੀ ਹਿੰਦੂ ਯੂਨੀਵਰਸਿਟੀ ਅਤੇ ਅੰਤਰਰਾਸ਼ਟਰੀ ਹਿੰਦੂ ਯੂਨੀਵਰਸਿਟੀ ਵਿਚ ਹਿੰਦੂ ਅਧਿਐਨ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਪਿਛਲੇ ਦਸ ਸਾਲਾਂ ਵਿਚ ਲਗਭਗ ਚਾਰ ਗੁਣਾ ਵਧੀ ਹੈ। 2014 ਵਿਚ ਇਨ੍ਹਾਂ ਦੋਵਾਂ ਯੂਨੀਵਰਸਿਟੀਆਂ ਵਿਚ 3699 ਵਿਦਿਆਰਥੀਆਂ ਦਾ ਦਾਖਲਾ ਹੋਇਆ, ਜੋ 2024 ਵਿਚ ਵੱਧ ਕੇ 14296 ਹੋ ਗਿਆ। ਇਨ੍ਹਾਂ ਵਿਚੋਂ ਇਸ ਸਾਲ ਰਿਕਾਰਡ 40, ਯਾਨੀ 5,970 ਵਿਦਿਆਰਥੀ ਗੋਰੇ ਹਨ। ਹਿੰਦੂ ਅਧਿਐਨ ਵਿਚ ਸੰਸਕ੍ਰਿਤ, ਭਗਵਤ ਗੀਤਾ, ਹਿੰਦੂ ਸੰਸਕ੍ਰਿਤੀ ਦਾ ਇਤਿਹਾਸ ਅਤੇ ਹਿੰਦੂ ਗ੍ਰੰਥਾਂ ਦੇ ਚਾਰ ਸਾਲਾ ਕੋਰਸ ਹਨ।

ਇਨ੍ਹਾਂ ਦੋਵਾਂ ਯੂਨੀਵਰਸਿਟੀਆਂ ਦੇ ਅਮਰੀਕਾ ਦੇ 50 ਰਾਜਾਂ ਦੇ 80 ਸ਼ਹਿਰਾਂ ਵਿਚ ਕੇਂਦਰ ਵੀ ਹਨ। ਇਨ੍ਹਾਂ ਵਿਚੋਂ 15 ਹਜ਼ਾਰ ਦੇ ਕਰੀਬ ਅਧਿਆਪਕ ਸਾਲ ਭਰ ਵਰਕਸ਼ਾਪ ਵੀ ਲਗਾਉਂਦੇ ਹਨ। ਇਸ ਤੋਂ ਇਲਾਵਾ ਧਰਮ ਸੱਭਿਅਤਾ ਫਾਊਂਡੇਸ਼ਨ (ਡੀ.ਸੀ.ਐੱਫ.) ਨੇ ਦੱਖਣੀ ਕੈਲੀਫੋਰਨੀਆ ਯੂਨੀਵਰਸਿਟੀ (ਯੂ.ਐੱਸ.ਸੀ.) ਅਤੇ ਕਲੇਰਮੌਂਟ ਲਿੰਕਨ ਯੂਨੀਵਰਸਿਟੀ ਦੇ ਨਾਲ ਇਸ ਸੈਸ਼ਨ ਲਈ ਦੋ ਖੋਜ ਕੇਂਦਰ ਵੀ ਸ਼ੁਰੂ ਕੀਤੇ ਹਨ। ਯੂ.ਐੱਸ.ਸੀ. ਦੇ ਪ੍ਰਧਾਨ ਮੈਕਸ ਨਿਕਿਆਸ ਅਨੁਸਾਰ ਅਗਲੇ ਸੈਸ਼ਨ ਤੋਂ ਚੀਨ ਅਤੇ ਜਾਪਾਨ ਦੇ ਵਿਦਿਆਰਥੀਆਂ ਦੀ




ਗਿਣਤੀ ਵਧਣ ਦੀ ਸੰਭਾਵਨਾ ਹੈ। ਹਿੰਦੂ ਸਟੱਡੀਜ਼ ਵਿਚ ਮਾਸਟਰ ਅਤੇ ਪੀ.ਐੱਚ.ਡੀ. ਕਰਨ ਤੋਂ ਬਾਅਦ ਵਿਦਿਆਰਥੀ ਯੂਰਪ ਅਤੇ ਏਸ਼ੀਆ ਵਿਚ ਵਿਦਿਅਕ ਸੰਸਥਾਵਾਂ ਵਿਚ ਜਾਂਦੇ ਹਨ।ਇੱਥੋਂ ਤੱਕ ਕਿ ਹਾਰਵਰਡ, ਯੇਲ, ਐੱਮ.ਆਈ.ਟੀ., ਬ੍ਰਾਊਨ ਅਤੇ ਕੋਲੰਬੀਆ ਵਰਗੀਆਂ ਵੱਕਾਰੀ ਯੂਨੀਵਰਸਿਟੀਆਂ ਵਿਚ ਵੀ ਦੋ ਸਾਲ ਪਹਿਲਾਂ ਹਿੰਦੂ ਅਧਿਐਨ ਦੇ ਕੋਰਸ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਵਿਚ ਅਮਰੀਕਾ ਵਿਚ ਵਸੇ ਭਾਰਤੀਆਂ ਦੀ ਦੂਜੀ ਅਤੇ ਤੀਜੀ ਪੀੜ੍ਹੀ ਦੇ ਬੱਚੇ ਹਿੰਦੂ ਸਟੱਡੀਜ਼ ਦੇ ਕੋਰਸ ਕਰ ਰਹੇ ਹਨ। ਹਾਰਵਰਡ ਵਿਚ ਹਿੰਦੂ ਸਟੱਡੀਜ਼ ਦੇ ਵਿਦਿਆਰਥੀ ਮਯੰਕ ਸ਼ਰਮਾ ਨੇ ਕਿਹਾ ਕਿ ਮੇਨ ਸਟਰੀਮ ਦੀਆਂ ਯੂਨੀਵਰਸਿਟੀਆਂ ਵਿਚ ਵੀ ਭਾਰਤੀ ਸੱਭਿਆਚਾਰ ਨਾਲ ਸਬੰਧਤ ਕੋਰਸ ਉਪਲਬਧ ਹੋਣ ਕਾਰਨ ਵਿਦਿਆਰਥੀਆਂ ਨੂੰ ਹੁਣ ਭਾਰਤ ਨਹੀਂ ਜਾਣਾ ਪੈਂਦਾ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont: 44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno: 4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration, Divorce, Custody and Support issues, Business Disputes, Living Trusts, Criminal Matters, Misdemeanors, DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334 (916) 379-9700 (209) 666-4220
Ashwani Kumar Bhakhri, Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh, Realtor, The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you

For more properties or business, contact us.




# LENDINGASSETS

Elevating Your Mortgage Experience



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

## ਅਵਤਾਰ ਪੁਰਬ 'ਤੇ ਵਿਸ਼ੇਸ਼

# ਸ੍ਰੀ ਗੁਰੂ ਅਮਰਦਾਸ ਜੀ



ਡਾ. ਚਰਨਜੀਤ ਸਿੰਘ ਗੁਮਟਾਲਾ
ਡੇਟਨ, ਓਹਾਇਓ, ਯੂ.ਐਸ.ਏ
001 9375739812
ਵਟਸਐਪ 919417533060

ਸਿੱਖ ਧਰਮ ਦੇ ਤੀਸਰੇ ਗੁਰੂ ਸ੍ਰੀ ਗੁਰੂ ਅਮਰਦਾਸ ਜੀ ਦਾ ਜਨਮ ਅੰਮ੍ਰਿਤਸਰ ਜ਼ਿਲ੍ਹੇ ਦੇ ਬਾਸਰਕੇ ਪਿੰਡ ਵਿੱਚ ਵਿਸਾਖ ਸੁਦੀ 11, 1536 ਬਿਕਰਮੀ (5 ਮਈ 1479 ਈ.) ਨੂੰ ਭੱਲਾ ਖੱਤਰੀ ਪ੍ਰਵਾਰ ਵਿੱਚ ਹੋਇਆ। ਆਪ ਜੀ ਦੇ ਪਿਤਾ ਦਾ ਨਾਂ ਤੇਜ ਭਾਨ ਅਤੇ ਮਾਤਾ ਦਾ ਨਾਂ ਸੁਲੱਖਣੀ ਸੀ, ਜਿਸਨੂੰ ਕਈ ਇਤਿਹਾਸਕਾਰ ਵੱਖ ਵੱਖ ਨਾਂ ਦੇਂਦੇ ਹਨ ਜਿਵੇਂ ਲੱਛਮੀ, ਭੂਪ ਕੌਰ ਅਤੇ ਰੂਪ ਕੌਰ। ਆਪ ਜੀ ਦੀ ਸ਼ਾਦੀ 27 ਨਵੰਬਰ 1502 ਈ11 ਮਾਘ 1559 ਬਿਕਰਮੀ ਨੂੰ ਸਿਆਲਕੋਟ ਜ਼ਿਲ੍ਹੇ ਦੇ ਪਿੰਡ ਸਨਖਤਰਾ ਦੇ ਇੱਕ ਬਹਿਲ ਖੱਤਰੀ ਦੇਵੀ ਚੰਦ ਦੀ ਧੀ ਮਨਸਾ ਦੇਵੀ ਨਾਲ ਕਰ ਦਿੱਤੀ ਗਈ। ਆਪ ਜੀ ਦੇ ਚਾਰ ਬੱਚੇ-ਦੋ ਪੁੱਤਰ ਮੋਹਰੀ ਜੀ ਅਤੇ ਮੋਹਨ ਜੀ ਅਤੇ ਦੋ ਧੀਆਂ ਦਾਨੀ ਜੀ ਅਤੇ ਭਾਨੀ ਜੀ ਸਨ।

ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਆਪ ਜੀ ਦੇ ਭਤੀਜੇ ਨਾਲ ਵਿਆਹੀ ਹੋਈ ਸੀ। ਬੀਬੀ ਅਮਰੋ ਨੇ ਹੀ ਆਪ ਜੀ ਨੂੰ ਗੁਰੂ ਅੰਗਦ ਦੇਵ ਜੀ ਦੇ ਦਰਬਾਰ ਵਿੱਚ ਲਿਆਂਦਾ। ਸੰਪਰਕ ਵਿੱਚ ਆਉਣ ਪਿੱਛੋਂ ਆਪ ਜੀ ਉੱਥੇ ਹੀ ਖਡੂਰ ਸਾਹਿਬ ਰਹਿਣ ਲੱਗ ਪਏ। ਇਹ ਵਾਕਿਆ 1597 ਬਿਕਰਮੀ/1540 ਈ. ਦਾ ਹੈ।

ਰੋਜ਼ਾਨਾ ਬਿਆਸ ਦਰਿਆ ਤੋਂ ਗੁਰੂ ਜੀ ਦੇ ਇਸ਼ਨਾਨ ਲਈ ਤੜਕੇ ਪਾਣੀ ਦੀ ਗਾਗਰ ਭਰ ਕੇ ਲਿਆਉਣਾ, ਸਾਰਾ ਦਿਨ ਭਾਂਡੇ ਮਾਂਜਣੇ, ਪਾਣੀ ਢੋਣਾ ਅਤੇ ਸੰਗਤ ਦੀ ਸੇਵਾ ਕਰਨੀ ਆਪ ਜੀ ਦਾ ਨਿਤਨੇਮ ਬਣ ਗਿਆ।

ਆਪਣੇ ਗੁਰੂ ਉਪਰ ਪੂਰਨ ਸ਼ਰਧਾ ਦੀਆਂ ਕਈ ਸਾਖੀਆਂ ਮਿਲਦੀਆਂ ਹਨ, ਜਿਨ੍ਹਾਂ ਵਿੱਚ ਇੱਕ ਬਹੁਤ ਮਹੱਤਵਪੂਰਨ ਹੈ ਕਿ ਕਿਵੇਂ ਇੱਕ ਝੱਖੜ ਵਾਲੀ ਰਾਤ ਨੂੰ ਤੇਜ਼ ਹਵਾਵਾਂ, ਮੀਂਹ ਅਤੇ ਕੜਕਦੀ ਬਿਜਲੀ ਦੀ ਪ੍ਰਵਾਹ ਨਾ ਕਰਦੇ ਹੋਏ ਆਪ ਜੀ ਨੇ ਗੁਰੂ ਜੀ ਲਈ ਦਰਿਆ ਬਿਆਸ ਤੋਂ ਪਾਣੀ ਲਿਆਂਦਾ। ਖਡੂਰ ਦੇ ਜੁਲਾਹਿਆਂ ਦੀ ਖੱਡੀ ਵਿੱਚ ਆਪ ਠੇਡਾ ਖਾ ਕੇ ਡਿੱਗ ਪਏ, ਪਰ ਆਪਣੇ ਸਿਰ 'ਤੇ ਚੁੱਕੀ ਗਾਗਰ ਦਾ ਪਾਣੀ ਇਨ੍ਹਾਂ ਨੇ ਡੁੱਲਣ ਨਾ ਦਿੱਤਾ। ਖੜਾਕ ਸੁਣ ਲੇ ਜੁਲਾਹੇ ਨੇ ਆਪਣੀ ਵਹੁਟੀ ਨੂੰ ਪੁੱਛਿਆ ਕਿ ਖੜਾਕ ਹੋਇਆ ਹੈ, ਅੱਗੋਂ ਜੁਲਾਹੀ ਨੇ ਆਖਿਆ ਕਿ ਇਹ ਉਹੋ 'ਅਮਰੂ ਨਿਥਾਵਾ' ਹੋਵੇਗਾ, ਜੋ ਰਾਤ ਵੀ ਚੈਨ ਨਹੀਂ ਲੈਂਦਾ। ਇਹ ਗੱਲ ਸੰਨ 1552 ਦੀ ਹੈ ਜਦ ਆਪ ਜੀ ਦੀ ਉਮਰ 73 ਸਾਲ ਦੀ ਸੀ। ਜਦ ਗੁਰੂ ਅੰਗਦ ਦੇਵ ਜੀ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਆਪ ਦੀ ਸਰਾਹਨਾ ਕੀਤੀ ਅਤੇ ਆਪ ਨੂੰ 'ਨਿਥਾਵਿਆਂ ਦਾ ਥਾਂ', 'ਨਿਮਾਣਿਆਂ ਦਾ ਮਾਣ', 'ਨਿਤਾਣਿਆ ਦਾ ਤਾਣ', 'ਨਿਆਸਰਿਆਂ ਦਾ ਆਸਰਾ', 'ਨਿਓਟਿਆਂ ਦੀ ਓਟ', 'ਨਿਧਰਿਆ ਦੀ ਧਿਰ', 'ਨਿਗਤਿਆਂ ਦੀ ਗਤ' ਕਿਹਾ।

ਇਸ ਘਟਨਾ ਨੇ ਗੁਰੂ ਅੰਗਦ ਦੇਵ ਜੀ ਦੇ ਜਾਨਸ਼ੀਨ ਦੀ ਚੋਣ ਕਰਨ ਦੇ ਮਸਲੇ ਨੂੰ ਹੱਲ ਕਰ ਦਿੱਤਾ। ਗੁਰੂ ਅੰਗਦ ਦੇਵ ਜੀ ਨੇ ਪ੍ਰਚਲਿਤ ਮਰਯਾਦਾ ਅਨੁਸਾਰ ਨਾਰੀਅਲ ਅਤੇ ਪੰਜ ਪੈਸੇ ਅਮਰਦਾਸ ਜੀ ਅੱਗੇ ਰੱਖਕੇ ਮੱਥਾ ਟੇਕਿਆ। ਗੁਰੂ ਗੱਦੀ ਉੱਤੇ ਬਿਰਾਜਮਾਨ ਕਰਨ ਲਈ ਗੁਰਗੱਦੀ ਦਾ ਟਿੱਕਾ ਸਤਿਕਾਰਯੋਗ ਭਾਈ ਬੁੱਢਾ ਜੀ ਨੇ ਲਗਾਇਆ। ਛੇਤੀ ਹੀ ਪਿੱਛੋਂ 1609 ਬਿਕਰਮੀ ਸਾਲ ਦੇ ਚੇਤ ਦੇ ਪਹਿਲੇ ਚਾਨਣੇ ਪੱਖ ਦੇ ਚੌਥੇ ਦਿਨ (29 ਮਾਰਚ 1552 ਈ.) ਨੂੰ ਗੁਰੂ ਅੰਗਦ ਦੇਵ ਜੀ ਜੋਤੀ ਜੋਤ ਸਮਾ ਗਏ।

ਗੁਰੂ ਅਮਰਦਾਸ ਜੀ ਨੇ ਗੋਇੰਦਵਾਲ ਨੂੰ ਆਪਣਾ ਮੁੱਖ ਕੇਂਦਰ ਬਣਾਇਆ ਤੇ ਇੱਥੇ ਹੀ ਰਹਿ ਕੇ ਗੁਰੂ ਨਾਨਕ ਦੇਵ ਜੀ ਦੀ ਬਾਣੀ ਦਾ ਪ੍ਰਚਾਰ ਕੀਤਾ। ਆਪ ਜੀ ਨੇ ਧਰਮ ਪ੍ਰਚਾਰ ਲਈ ਇੱਕ ਦ੍ਰਿੜ ਮੰਜੀ ਪ੍ਰਣਾਲੀ ਸ਼ੁਰੂ ਕੀਤੀ ਅਤੇ ਭਾਰਤ ਦੇ ਵੱਖ ਵੱਖ ਭਾਗਾਂ ਵਿੱਚ ਪ੍ਰਚਾਰ ਕਰਨ ਲਈ 22 ਮੰਜੀਆਂ ਸਥਾਪਿਤ ਕੀਤੀਆਂ ਭਾਵ ਕਿ ਪ੍ਰਚਾਰ ਕੇਂਦਰ ਕਾਇਮ ਕੀਤੇ। ਹਰ ਮੰਜੀ ਇੱਕ ਗੁਰਮੁਖ ਸਿੱਖ ਦੇ ਅਧੀਨ ਸੀ ਜੋ ਕਿ ਪ੍ਰਚਾਰ ਕਰਨ ਤੋਂ ਇਲਾਵਾ ਆਪਣੇ ਅਧਿਕਾਰ ਖੇਤਰ ਵਿੱਚ ਸੰਗਤ ਦੀ ਸੇਵਾ ਸੰਭਾਲ ਕਰਦਾ ਸੀ ਅਤੇ ਸਿੱਖਾਂ ਦੀਆਂ ਭੇਟਾਵਾਂ ਗੋਇੰਦਵਾਲ ਭੇਜਦਾ ਸੀ। ਹੇਠ ਲਿਖੇ ਗੁਰਸਿੱਖਾਂ ਨੂੰ ਮੰਜੀਆਂ (ਉਪਦੇਸ਼ਕ-ਗੱਦੀਆਂ) ਬਖ਼ਸ਼ੀਆਂ ਗਈਆਂ ਸਨ :- 1ਅੱਲਾਯਾਰ ਪਠਾਣ ਸੌਦਾਗਰ 2.ਸੱਚਨ ਸੱਚ ਪਿੰਡ ਮੰਦਰ ਤਸੀਲ ਸ਼ਕਰਪੁਰ 3. ਸਾਧਾਰਨ ਗੋਇੰਦਵਾਲ 4.ਸਾਵਣ ਮਲ ਗੋਇੰਦਵਾਲ 5.ਸੁੱਖਣ ਧਮਿਆਲ 6.ਹੰਦਾਲ ਜੰਡਿਆਲਾ 7.ਕੇਦਾਰੀ ਬਟਾਲਾ 8.ਖੇਡਾ ਖੇਮਕਰਨ 9.ਗੰਗੂਸ਼ਾਹ ਗੜ੍ਹ ਸ਼ੰਕਰ 10.ਦਰਬਾਰੀ ਮਜੀਠਾ 11. ਪਾਰੋ ਡੱਲਾ 12. ਫੇਰਾ ਮੀਰਪੁਰ 13.ਬੂਆ ਹਰਿ ਗੋਬਿੰਦਪੁਰ ਇਸਦੀ ਸੰਤਾਨ 14.ਬੇਣੀ ਚੂਹਨੀਆਂ 15.ਮਹੇਸ਼ਾ ਸੁਲਤਾਨਪੁਰ 16.ਮਾਈਦਾਸ ਨਰੋਲੀ (ਮਾਝਾ) 17.ਮਾਣਕ ਚੰਦ ਵੈਰੋਵਾਲ 18.ਮੁਰਾਰੀ ਖਾਈ (ਲਾਹੌਰ) 19.ਰਾਜਾ ਰਾਮ ਸੰਧਮਾ (ਜਲੰਧਰ) ਇਸ ਦੀ ਸੰਤਾਨ 20.ਰੰਗ ਸ਼ਾਹ ਮੱਲੂ ਪੋਤਾ (ਜਲੰਧਰ) 21.ਰੰਗ ਦਾਸ ਘੜੂਆਂ (ਅੰਬਾਲਾ) 22.ਲਾਲੋ ਡੱਲਾ



ਆਪ ਜੀ ਨੇ ਵਸਾਖ ਅਤੇ ਮਾਘ ਦੇ ਪਹਿਲੇ ਦਿਨ ਅਤੇ ਦਿਵਾਲੀ ,ਗੋਇੰਦਵਾਲ ਵਿਖੇ ਸਿੱਖਾਂ ਦੇ ਇਕੱਠੇ ਹੋਣ ਲਈ ਨੀਯਤ ਕਰ ਦਿੱਤੇ। ਪਾਣੀ ਦੀ ਤੰਗੀ ਨੂੰ ਦੂਰ ਕਰਨ ਲਈ ਇੱਕ ਬਉਲੀ ਬਣਾਈ। ਲੰਗਰ ਦੀ ਪ੍ਰਥਾ ਪਹਿਲਾਂ ਹੀ ਸੀ। ਇਸ ਨੂੰ ਹੋਰ ਵੱਡੇ ਪੈਮਾਨੇ 'ਤੇ ਸ਼ੁਰੂ ਕੀਤਾ ਗਿਆ। ਇਸ ਤੋਂ ਇਨ੍ਹਾਂ ਦਾ ਭਾਵ ਜਾਤ ਪਾਤ ਅਤੇ ਆਹੁਦੇ ਦੀ ਭਾਵਨਾ ਨੂੰ ਘਟਾਉਣਾ ਸੀ। ਇੱਕ ਵਾਰੀ ਅਕਬਰ ਬਾਦਸ਼ਾਹ ਗੋਇੰਦਵਾਲ ਆਇਆ ਤਾਂ ਉਸ ਨੇ ਵੀ ਲੰਗਰ ਵਿੱਚ ਬੈਠ ਕੇ ਪ੍ਰਸ਼ਾਦਾ ਛੱਕਿਆ। ਆਪ ਰੁੱਖੀ ਮਿੱਸੀ ਰੋਟੀ ਖਾਂਦੇ ਸਨ। ਜੋ ਕੁਝ ਦਿਨ ਵੇਲੇ ਲੰਗਰ ਵਿੱਚ ਆਉਂਦਾ ਸੀ ਰਾਤ ਤੱਕ ਵਰਤ ਜਾਂਦਾ ਸੀ ।

ਗੁਰੂ ਜੀ ਨੇ ਉਸ ਸਮੇਂ ਹਿੰਦੂ ਧਰਮ ਵਿੱਚ ਫੈਲੀਆਂ ਕੁਰੀਤੀਆਂ ਵੱਲ ਧਿਆਨ ਦੇਣਾ ਸ਼ੁਰੂ ਕੀਤਾ। ਉਸ ਸਮੇਂ ਸਤੀ ਦੀ ਰਸਮ ਸੀ, ਜਿਸ ਵਿੱਚ ਪਤੀ ਦੇ ਮਰਨ 'ਤੇ ਵਿਧਵਾ ਨੂੰ ਪਤੀ ਦੀ ਚਿੱਖਾ 'ਤੇ ਸੜਨਾ ਪੈਂਦਾ ਸੀ। ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਜੀ ਨੂੰ ਬਾਦਸ਼ਾਹ ਅਕਬਰ ਪਾਸ ਭੇਜਿਆ ਕਿ ਉਹ ਇਸ ਰਸਮ ਨੂੰ ਰੋਕਣ ਲਈ ਸ਼ਾਹੀ ਤਾਕਤ ਵਰਤਣ। ਗੁਰੂ ਅਮਰਦਾਸ ਜੀ ਨੇ ਸਿੱਖਾਂ ਵਿੱਚ ਪਰਦੇ ਦੀ ਰਸਮ ਤੋਂ ਵੀ ਵਰਜਿਆ।

ਗੁਰੂ ਅਮਰਦਾਸ ਜੀ ਨੇ ਹਿੰਦੂਆਂ ਪਾਸੋਂ ਤੀਰਥ ਯਾਤਰਾ 'ਤੇ ਲਿਆ ਜਾਂਦਾ ਕਰ ਵੀ ਬੰਦ ਕਰਵਾਇਆ। ਗੁਰੂ ਜੀ ਕੁਰੀਤੀਆਂ ਨੂੰ ਦੂਰ ਕਰਾਉਣ ਲਈ ਵੱਖ ਵੱਖ ਤੀਰਥ ਅਸਥਾਨਾਂ 'ਤੇ ਗਏ ।

ਕਰ ਤੋਂ ਛੋਟ ਮਿਲਣ ਕਰਕੇ ਅਨੇਕਾਂ ਹਿੰਦੂ ਵੀ ਉਨ੍ਹਾਂ ਦੇ ਨਾਲ ਤੀਰਥ ਯਾਤਰਾ ਨੂੰ ਗਏ। ਉਨ੍ਹਾਂ ਨਾਲ ਗੁਰੂ ਰਾਮਦਾਸ ਜੀ ਤੇ ਹੋਰ ਮੁੱਖੀ ਸਿੱਖ ਵੀ ਗਏ। ਉਹ ਪਹਿਲਾਂ ਕੁਰਕਸ਼ੇਤਰ, ਫਿਰ ਜਮਨਾ ਅਤੇ ਫਿਰ ਹਰਿਦੁਆਰ ਗਏ। ਗੁਰੂ ਨਾਨਕ ਜੀ ਵਾਂਗ ਆਪ ਦਾ ਮਕਸਦ ਵੀ ਕੁਰਾਹੇ ਪਈ ਜਨਤਾ ਨੂੰ ਸਿੱਧੇ ਰਾਹ ਲਿਆਉਣਾ ਸੀ।

ਗੁਰੂ ਜੀ ਨੇ ਜਾਤ ਪਾਤ ਦਾ ਭਰਮ ਮਿਟਾਕੇ ਭਰੇ ਦਰਬਾਰ ਵਿੱਚ ਕਈ ਅੰਤਰ-ਜਾਤੀ ਵਿਆਹ ਕੀਤੇ। ਭਾਈ ਸ਼ੀਂਹੇ ਦੀ ਲੜਕੀ ਇੱਕ ਗਰੀਬ ਸਿੱਖ 'ਪ੍ਰੇਮੇ' ਨਾਲ ਵਿਆਹੀ। ਇੱਕ ਰਾਜਪੂਤ ਲੜਕੇ ਦੀ ਸ਼ਾਦੀ 'ਸੱਚਨ ਸੱਚ' ਨਾਮੀ ਲਕੜਹਾਰੇ ਨਾਲ ਕੀਤੀ। ਗੁਰੂ ਸਾਹਿਬ ਨੇ ਵੀ ਆਪਣੀ ਲੜਕੀ ਬੀਬੀ ਭਾਨੀ ਦੀ ਸ਼ਾਦੀ ਲਈ ਇੱਕ ਘੁੰਗਣੀਆਂ ਵੇਚਣ ਵਾਲੇ ਕਿਰਤੀ ਗੱਭਰੂ ਭਾਈ ਜੇਠੇ ਨਾਲ ਕੀਤੀ ਬਾਦ ਵਿਚ ਗੁਰੂ ਰਾਮਦਾਸ ਜੀ ਚੌਥੇ ਪਤਾਸ਼ਾਹ ਬਣੇ ।

ਮਾਝੇ ਵਿੱਚ ਗੁਰੂ ਅਮਰਦਾਸ ਜੀ ਨੇ ਸਿੱਖਾਂ ਦੇ ਕੇਂਦਰ ਲਈ ਅੰਮ੍ਰਿਤਸਰ ਵਾਲੀ ਜਗ੍ਹਾ ਚੁਣੀ। ਚਹੁੰ ਪਿੰਡਾਂ ਗੁਮਟਾਲਾ, ਤੁੰਗ, ਸੁਲਤਾਨਵਿੰਡ ਤੇ ਗਿਲਵਾਲੀ ਦੇ ਪੈਂਚ ਸਦਵਾ ਲਏ ਅਤੇ ਉਨ੍ਹਾਂ ਸਾਹਮਣੇ ਮੋੜੀ ਗਡਵਾ ਕੇ ਪਿੰਡ ਦਾ ਨਾਮ ਗੁਰੂ-ਚੱਕ ਰੱਖ ਦਿੱਤਾ। ਇਹ ਸਮ੍ਹਾਂ ਹਾੜ ਸੰਮਤ 1627 (ਜੂਨ ਸੰਨ 1570) ਦਾ ਹੈ। ਇਸ ਨੂੰ ਵਸਾਉਣ ਦਾ ਕੰਮ ਆਪ ਜੀ ਨੇ (ਗੁਰੂ) ਰਾਮਦਾਸ ਜੀ ਦੀ ਨਿਗਰਾਨੀ ਵਿੱਚ ਕਰਵਾਇਆ।

ਆਪ ਜੀ ਨੇ ਪਹਿਲੇ ਗੁਰੂਆਂ ਦੀ ਤਰ੍ਹਾਂ ਪੰਜਾਬੀ ਵਿੱਚ ਬਾਣੀ ਰਚੀ। ਗਿਣਤੀ ਪੱਖੋਂ ਗੁਰਬਾਣੀ ਰਚਨਾ ਵਿੱਚ ਪਹਿਲਾ ਸਥਾਨ ਗੁਰੂ ਨਾਨਕ ਦੇਵ ਜੀ ਦਾ ਤੇ ਦੂਜਾ ਸਥਾਨ ਗੁਰੂ ਅਰਜਨ ਦੇਵ ਜੀ ਦਾ ਹੈ। ਆਪ ਜੀ ਦਾ ਸਥਾਨ ਤੀਸਰਾ ਹੈ। ਆਪ ਜੀ ਨੇ ਸਤਾਰਾਂ ਰਾਗਾਂ ਵਿੱਚ ਬਾਣੀ ਰਚੀ ਜਿਨ੍ਹਾਂ ਦੇ ਨਾਂ ਸਿਰੀ, ਮਾਝ, ਗਉੜੀ, ਆਸਾ, ਗੂਜਰੀ, ਵਡਹੰਸ, ਸੋਰਠਿ, ਧਨਾਸਰੀ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਭੈਰਉ, ਬਸੰਤ, ਸਾਰੰਗ, ਮਲਾਰ ਅਤੇ ਪ੍ਰਭਾਤੀ। ਸਭ ਤੋਂ ਪ੍ਰਸਿੱਧ ਇਨ੍ਹਾਂ ਦੀ ਬਾਣੀ ਅਨੰਦ ਸਾਹਿਬ ਹੈ । ਕਾਵਿ ਰੂਪਾਂ ਵਿੱਚੋਂ ਆਪ ਜੀ ਨੇ ਪਦੇ, ਛੰਤ, ਅਸ਼ਟਪਦੀਆਂ, ਸਲੋਕ ਅਤੇ ਵਾਰਾਂ ਦੇ ਰੂਪ ਵਰਤੇ ਹਨ।

ਗੁਰੂ ਜੀ ਨੇ ਆਪਣਾ ਸਰੀਰਕ ਅੰਤ ਨੇੜੇ ਆਇਆ ਜਾਣ ਕੇ ਆਪਣੇ ਸਾਰੇ ਪਰਿਵਾਰ ਨੂੰ ਸੱਦਿਆ ਤੇ ਆਦੇਸ਼ ਦਿੱਤਾ ਕਿ ਕੋਈ ਵੀ ਉਨ੍ਹਾਂ ਦੇ ਅਕਾਲ ਚਲਾਣੇ 'ਤੇ ਨਾ ਹੀ ਅਫ਼ਸੋਸ ਕਰੇ ਅਤੇ ਨਾ ਹੀ ਰੋਏ ਕੁਰਲਾਏ। ਸਗੋਂ ਗੁਰੂ ਦੀ ਬਾਣੀ ਦਾ ਪਾਠ ਕਰਕੇ ਵਾਹਿਗੁਰੂ ਦਾ ਨਾਮ ਜਪੇ। ਗੁਰੂ ਜੀ ਦੀ ਇਹ ਅੰਤਮ ਸਿੱਖਿਆ ਉਨ੍ਹਾਂ ਦੇ ਪੜਪੋਤਰੇ ਬਾਬਾ ਸੁੰਦਰ ਜੀ ਨੇ 6 ਪੌੜੀਆਂ ਦੀ ਇੱਕ ਨਿੱਕੀ ਜਿਹੀ ਬਾਣੀ ਦੇ ਰੂਪ ਵਿੱਚ ਲਿਖੀ ਹੈ ਜਿਸ ਨੂੰ ਗੁਰੂ ਅਰਜਨ ਦੇਵ ਜੀ ਨੇ ਗੁਰੂ ਗ੍ਰੰਥ ਸਾਹਿਬ ਦੇ ਰਾਮਕਲੀ ਰਾਗ ਵਿੱਚ 'ਸੱਦ' ਸਿਰਲੇਖ ਹੇਠ ਦਰਜ ਕੀਤਾ ਹੈ।

ਆਪ ਜੀ ਨੇ ਆਪਣੇ ਪੂਰਬਲੇ ਗੁਰੂ ਸਾਹਿਬਾਨ ਅਤੇ ਕੁਝ ਭਗਤਾਂ ਦੀਆਂ ਰਚਨਾਵਾਂ ਇਕੱਤਰ ਕੀਤੀਆਂ ਤੇ ਇਨ੍ਹਾਂ ਨੂੰ ਪੋਥੀਆਂ ਦੇ ਰੂਪ ਵਿੱਚ ਇਕੱਠਾ ਕੀਤਾ। ਇਨ੍ਹਾਂ ਪੋਥੀਆਂ ਵਿੱਚੋਂ ਦੋ ਅੱਜ ਵੀ ਉਨ੍ਹਾਂ ਦੇ ਵਾਰਸਾਂ ਕੋਲ ਹਨ। ਇਹ ਕਾਰਜ (ਗੁਰੂ) ਗ੍ਰੰਥ ਸਾਹਿਬ ਦੇ ਵਿਧੀ ਪੂਰਬਕ ਸੰਕਲਨ ਵੱਲ ਚੁਕਿਆ ਇੱਕ ਮਹੱਤਵਪੂਰਨ ਕਦਮ ਸੀ।

ਆਪ 95 ਸਾਲ ਦੀ ਉਮਰ ਪੂਰੀ ਕਰਨ ਪਿੱਛੋਂ ਆਪਣੇ ਜੁਆਈ ਜੇਠਾ ਜੀ ਨੂੰ ਗੁਰਗੱਦੀ ਸੌਂਪ ਕੇ ਭਾਦੋਂ ਸੁਦੀ 15, 1631 ਬਿਕਰਮੀ(1 ਸਤੰਬਰ 1574 ਈ.) ਜੋਤੀ ਜੋਤ ਸਮਾ ਗਏ। ਭਾਈ ਜੇਠਾ ਜੀ ਸਿੱਖਾਂ ਦੇ ਚੌਥੇ ਗੁਰੂ, ਗੁਰੂ ਰਾਮਦਾਸ ਜੀ ਬਣੇ।

ਸਹਾਇਕ ਪੁਸਤਕਾਂ

1.ਸਾਹਿਬ ਸਿੰਘ, ਪ੍ਰੋਫ਼ੈਸਰ, ਗੁਰ-ਇਤਿਹਾਸ, ਪਾਤਸ਼ਾਹੀ 2 ਤੋਂ 9 ,ਸਿੰਘ ਬ੍ਰਦਰਜ਼, ਅੰਮ੍ਰਿਤਸਰ, 2018
2.ਸੁਖਦਿਆਲ ਸਿੰਘ (ਡਾ.) ,ਪੰਜਾਬ ਦਾ ਇਤਿਹਾਸ(ਗੁਰੂ ਕਾਲ :1469-1708),(ਜਿਲਦ ਪੰਜਵੀਂ), ਪੰਜਾਬੀ ਯੂਨੀਵਰਸਿਟੀ ਪਟਿਆਲਾ 2012
3. ਜੋਧ ਸਿੰਘ ਡਾ., ਸਿੱਖ ਧਰਮ ਵਿਸ਼ਵ ਕੋਸ਼ (ਪਹਿਲੀ ਸੈਂਚੀ), ਪੰਜਾਬੀ ਯੂਨੀਵਰਸਿਟੀ ਪਟਿਆਲਾ 2008
4.ਪਦਮ ਪਿਆਰਾ ਸਿੰਘ, ਸੰਖੇਪ ਸਿੱਖ ਇਤਿਹਾਸ, ਸਿੰਘ ਬਦਰਜ਼, ਅੰਮ੍ਰਿਤਸਰ 2014,
5.ਮੈਕਾਲਿਫ਼, ਮੈਕਸ ਅਰਥਰ, ਅਨੁਵਾਦਕ ਅਜੈਬ ਸਿੰਘ, ਸੋਧਕ ਡਾ. ਜੀ ਐਸ ਔਲਖ ,ਸਿੱਖ ਇਤਿਹਾਸ, ਭਾਗ 1-2, ਲਾਹੌਰ ਬੁਕ ਸ਼ਾਪ, ਲੁਧਿਆਣਾ, 2014


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

## Sizes available in drive & trailer

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205

# ਦੁਬਈ ਇੰਟਰਨੈਸ਼ਨਲ ਬਿਜ਼ਨਸ ਐਵਾਰਡ 2024 ਯਾਦਗਾਰੀ ਹੋ ਨਿੱਬੜਿਆ

## ਮਨਦੀਪ ਖੁਰਮੀ ਹਿੰਮਤਪੁਰਾ, ਮਨਜਿੰਦਰ ਸਿੰਘ ਤੇ ਨਿਸ਼ਾ ਕੌਲ ਨੇ ਸਿਰਜਿਆ ਕੀਰਤੀਮਾਨ








**ਦੁਬਈ**
**ਸਾਂਝੀ ਸੋਚ ਬਿਊਰੋ**

ਵਿਸ਼ਵ ਭਰ ਦੇ ਕਾਰੋਬਾਰੀਆਂ ਨੂੰ ਇੱਕ ਮੰਚ 'ਤੇ ਇਕੱਠੇ ਕਰਨ, ਉਹਨਾਂ ਦੇ ਸੰਘਰਸ਼ ਦੀ ਦਾਸਤਾਨ ਜਾਣਨ, ਉਹਨਾਂ ਦੇ ਸੰਘਰਸ਼ਮਈ ਸਫ਼ਰ ਨੂੰ ਸਲਾਮ ਕਹਿਣ ਲਈ ਦੁਬਈ ਇੰਟਰਨੈਸ਼ਨਲ ਬਿਜ਼ਨਸ ਐਵਾਰਡ 2024 ਦਾ ਆਯੋਜਨ ਕੀਤਾ ਗਿਆ। ਯੂਕੇ ਦੀ ਧਰਤੀ 'ਤੇ ਹੁਣ ਤੱਕ ਦੇ ਪਹਿਲੇ ਰੋਜ਼ਾਨਾ ਈ-ਅਖ਼ਬਾਰ 'ਪੰਜ ਦਰਿਆ ਯੂਕੇ', ਪਿਕਸੀ ਜੌਬ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਇਸ ਐਵਾਰਡ ਸਮਾਰੋਹ ਦਾ ਆਗਾਜ਼ 'ਪੰਜ ਦਰਿਆ ਯੂਕੇ' ਦੇ ਡਾਇਰੈਕਟਰ ਮਨਦੀਪ ਖੁਰਮੀ ਹਿੰਮਤਪੁਰਾ ਤੇ ਪਿਕਸੀ ਜੌਬ ਦੀ ਸੀ.ਈ.ਓ. ਨਿਸ਼ਾ ਕੌਲ ਤੇ ਅਰਬਿਕ ਪੇਸ਼ਕਾਰਾ ਹਲੀਮਾ ਦੇ ਬੋਲਾਂ ਨਾਲ ਹੋਈ।

ਸਭ ਤੋਂ ਪਹਿਲਾਂ ਹਲੀਮਾਂ ਨੇ ਅਰਬੀ ਭਾਸ਼ਾ ਵਿੱਚ ਮੁੱਖ ਮਹਿਮਾਨ ਸ਼ੇਖ ਰਸ਼ੀਦ ਬਿਨ ਨਾਸਿਰ ਅਲ ਨਿਓਮੀ ਦਾ ਧੰਨਵਾਦ ਕੀਤਾ। ਇਸ ਉਪਰੰਤ ਜਦੋਂ ਮਨਦੀਪ ਖੁਰਮੀ ਹਿੰਮਤਪੁਰਾ ਨੇ ਸ਼ਾਇਰਾਨਾ ਅੰਦਾਜ਼ ਵਿੱਚ ਇਸ ਸਮਾਗਮ ਦੀ ਰੀੜ ਦੀ ਹੱਡੀ ਬਣ ਕੇ ਵਿਚਰ ਰਹੇ ਪ੍ਰਸਿੱਧ ਨੌਜਵਾਨ ਕਾਰੋਬਾਰੀ ਮਨਜਿੰਦਰ ਸਿੰਘ ਗਿੱਲ ਮੰਝ ਨੂੰ ਹਾਜ਼ਰੀਨ ਅੱਗੇ ਪੇਸ਼ ਹੋਣ ਲਈ ਸੱਦਾ ਦਿੱਤਾ ਤਾਂ ਤਾੜੀਆਂ ਦਾ ਹੜ੍ਹ ਵਗ ਤੁਰਿਆ।

ਇਸ ਤੋਂ ਬਾਅਦ ਦੁਬਈ ਦੀ ਧਰਤੀ 'ਤੇ ਰਸ ਅਲ ਖੇਮਾ ਸਥਿਤ ਗੁਰਦੁਆਰਾ ਗੁਰੂ ਨਾਨਕ ਦਰਬਾਰ ਦੀ ਸਥਾਪਨਾ ਕਰਨ ਵਾਲੇ ਸਰਦਾਰ ਤਲਵਿੰਦਰ ਸਿੰਘ, ਸਿੱਖ ਏਡ ਸਕਾਟਲੈਂਡ ਦੇ ਮੁੱਖ ਸੇਵਾਦਾਰ ਗੁਰਦੀਪ ਸਿੰਘ ਸਮਰਾ, ਵਿਸ਼ਵ ਭਰ ਵਿੱਚ ਸਿੰਗਿੰਗ ਬੱਸ ਡਰਾਈਵਰ ਵਜੋਂ ਪ੍ਰਸਿੱਧ ਰਣਜੀਤ ਸਿੰਘ ਵੀਰ, ਉੱਘੇ ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ ਅਤੇ ਡਾ.ਅਮਨਦੀਪ ਸ਼ਰਮਾ ਕਪਿਲ ਆਸ਼ਰਮ ਨੇ ਸਮਾਗਮ ਦੀ ਸ਼ਮਾਂ ਰੌਸਨ ਕਰਨ ਦੀ ਰਸਮ ਅਦਾ ਕੀਤੀ। ਸਮਾਗਮ ਦੇ ਮੰਤਵ ਤੇ ਉਦੇਸ਼ ਬਾਰੇ ਸੰਜੇ ਵਿਕਟਰ ਨੇ ਬੋਲਦਿਆਂ ਕਿਹਾ ਕਿ ਦੁਬਈ ਇੰਟਰਨੈਸ਼ਨਲ ਬਿਜ਼ਨਸ ਐਵਾਰਡ ਸਮਾਰੋਹ ਦਾ ਉਦੇਸ਼ ਹੈ ਕਿ ਹਰ ਉੱਦਮੀ ਨੂੰ ਉਸਦਾ ਮਾਨ ਸਨਮਾਨ ਮਿਲੇ।

ਯੂਨਾਈਟਿਡ ਅਰਬ ਅਮੀਰਾਤ ਦੀ ਧਰਤੀ 'ਤੇ ਪਹਿਲੀ ਏਸ਼ੀਅਨ ਔਰਤ ਵਜੋਂ ਰਾਸ਼ਟਰੀ ਗਾਣ ਗਾਉਣ ਵਾਲੀ ਗਾਇਕਾ ਸੋਨੀਆ ਮਜੀਦ ਨੇ ਰਾਸ਼ਟਰੀ ਗਾਣ ਗਾ ਕੇ ਸਮਾਗਮ ਦਾ ਆਗਾਜ਼ ਕੀਤਾ। ਇਸ ਉਪਰੰਤ ਮੁੱਖ ਮਹਿਮਾਨ ਸ਼ੇਖ ਰਸ਼ੀਦ ਬਿਨ ਨਾਸਿਰ ਅਲ ਨਿਓਮੀ, ਮੁਆਮਿਰ ਮੁਹੰਮਦ ਸੈਫ, ਅਹਿਮਦ ਅਲ ਜਰੀਰੀ, ਹੁਜ਼ੈਫਾ ਇਬਰਾਹਿਮ, ਡਾ: ਖਾਲਿਦ ਅਲਬੁਲੀਸ਼ੀ, ਮਿਸ ਸ਼ੈਗਫ ਅਲਮਿਲਹਮ, ਹੁਮੈਦ ਖਾਮਿਸ ਅਲਮਾਜ਼ਿਮੀ, ਯਾਕੂਬ ਅਲ ਅਲੀ, ਦੁਬਈ ਪੁਲਿਸ ਦੇ ਮੇਜਰ ਓਮਰ ਅਲ ਮਰਜ਼ੂਕੀ, ਡਾ: ਕਬੀਰ ਕੇ ਵੀ, ਮੁਹੰਮਦ ਅਲੀ, ਐੱਚ.ਈ ਡਾ: ਮੁਹੰਮਦ ਸਈਦ ਅਲ ਕਿੰਡੀ, ਸ਼ੈਹਾਬ ਅਹਿਮਦ ਅਲਜਾਸਿਮੀ ਨੂੰ ਮੰਚ 'ਤੇ ਸੱਦਾ ਦਿੱਤਾ ਗਿਆ। ਜਿਸ ਦੌਰਾਨ ਉਹਨਾਂ ਸਰਦਾਰ ਤਲਵਿੰਦਰ ਸਿੰਘ, ਗੁਰਦੀਪ ਸਿੰਘ ਸਮਰਾ, ਰਣਜੀਤ ਸਿੰਘ ਵੀਰ, ਸਵ: ਸਿਵਚਰਨ ਸਿੰਘ ਗਿੱਲ (ਸ੍ਰੀਮਤੀ ਧਨਿੰਦਰ ਕੌਰ ਗਿੱਲ), ਜਸਵਿੰਦਰ ਕਲੇਰ- ਸੁਮਿਤ ਸ਼ਰਮਾ, ਇੰਦਰਜੀਤ ਸਿੰਘ ਮੁੰਡੇ, ਡਾ: ਸ਼ਾਨਿਦ ਆਸਿਫ ਅਲੀ, ਹਨੀਫ ਸ਼ੇਖ ਨੂੰ ਲਾਈਫ ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਯੂਕੇ ਦੇ ਪ੍ਰਸਿੱਧ ਕਾਰੋਬਾਰੀ ਤਜਿੰਦਰ ਸਿੰਘ ਸੇਖੋਂ (ਬੜੂੰਦੀ), ਸਨੀ ਵਿਕਟਰ, ਸਵਿੰਦਰ ਸਿੱਧੂ ਸੋਨੀ (ਵਿਕਟੋਰੀਆ ਇਨੀਗਰੇਸਨ ਸਰਵਿਸਿਜ), ਸਵ: ਅਜਮੇਰ ਸਿੰਘ ਧਾਲੀਵਾਲ (ਪਾਲਜ਼ ਬੇਕਰੀ- ਕੇਕ ਕੋ ਲੰਡਨ) ਤੇ ਸ੍ਰੀਮਤੀ ਮਨਜੀਤ ਕੌਰ ਪੱਡਾ ਨੂੰ ਬਿਜਨਸ ਲੀਡਰਸ਼ਿਪ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਧਾਰਨ ਪਰਿਵਾਰ ਵਿੱਚੋਂ ਉੱਠ ਕੇ ਲੰਡਨ ਦੀ ਈਲਿੰਗ ਕੌਂਸਲ ਦੀ ਮੇਅਰ ਬਣਨ ਵਾਲੀ ਕੌਂਸਲਰ ਮਹਿੰਦਰ ਕੌਰ ਮਿੱਢਾ, ਦੁਨੀਆ ਭਰ ਵਿੱਚ ਪੰਜਾਬੀ ਮਾਂ ਬੋਲੀ ਦਾ ਝੰਡਾ ਬੁਲੰਦ ਕਰਨ ਵਾਲੇ ਯੂਰਪੀਅਨ ਪੰਜਾਬੀ ਸੱਥ ਵਾਲਸਾਲ ਦੇ ਮੁੱਖ ਸੰਚਾਲਕ ਮੋਤਾ ਸਿੰਘ ਸਰਾਏ, ਯੂਕੇ ਦੀ ਪਹਿਲੀ ਔਰਤ ਰੋਬੋਟਿਕ ਇੰਜੀਨੀਅਰ ਮਰੀਦੁਲਾ ਚਕਰਬੋਰਤੀ, ਜਰਮਨੀ ਦੀ ਧਰਤੀ 'ਤੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਯਤਨਸ਼ੀਲ ਨੌਜਵਾਨ ਕਾਰੋਬਾਰੀ ਅਮਨਦੀਪ ਸਿੰਘ ਕਾਲਕਟ, ਟਾਈਕਵਾਂਡੋ ਵਿੱਚ ਸੱਤ ਵਾਰ ਯੂਰਪੀਅਨ ਚੈਂਪੀਅਨ ਤੇ ਇੱਕ ਵਾਰ ਵਿਸ਼ਵ ਚੈਂਪੀਅਨ ਸਕਾਟਲੈਂਡ ਦੇ ਪ੍ਰਸਿੱਧ ਕਾਰੋਬਾਰੀ ਰਾਣਾ ਸੇਖੋਂ ਨੂੰ ਵਿਸ਼ੇਸ਼ ਸਨਮਾਨਾਂ ਨਾਲ ਨਿਵਾਜਿਆ ਗਿਆ। ਸੰਤ ਬਾਬਾ ਗੁਰਜੀਤ ਸਿੰਘ ਜੀ, ਡਾ: ਅਮਨਦੀਪ ਸ਼ਰਮਾ ਨੂੰ ਸਪਰਿਚੂਅਲ ਐਵਾਰਡ ਦੇ ਨਾਲ ਨਾਲ ਰਮਨਦੀਪ ਸਿੰਘ ਸੋਢੀ (ਬੈਸਟ ਜਰਨਲਿਸਟ ਆਫ ਪੰਜਾਬੀ ਡਾਇਸਪੋਰਾ ਐਵਾਰਡ), ਸਾਲਮ ਪਪਿਨਸਰੀ, ਫਾਹੀਮ ਰਹਿਮਾਨ, ਮੁਨੀਰ ਅਹਿਮਦ, ਅਮਨ ਕੂਨਰ, ਰਣਜੀਤ ਸਿੰਘ, ਮਨਪ੍ਰੀਤ ਸਿੰਘ, ਗੁਰਸੇਵਕ ਸਿੰਘ, ਤਰੁਣ ਸਿੰਘ, ਕੁੰਦਨ ਸਿੰਘ ਧੀਮਾਨ, ਵੈਦ ਜਗਰੂਪ ਸਿੰਘ ਭੰਗੂ, ਕਾਸ਼ੀ ਫਾਰੂਕੀ, ਪ੍ਰਦੀਪ ਸਿੰਘ ਸਿੱਧੂ, ਨਾਸਿਰ ਢਿੱਲੋਂ, ਸੋਨੀਆ ਮਜੀਦ (ਬੈਸਟ ਸਿੰਗਰ ਐਵਾਰਡ), ਮੀਰਾ ਸੂਫ਼ੀ, ਸੋਪੀਕੋ ਕਵਾਰਤ ਸਕਾਵਾ, ਡਾ: ਪਾਲ ਪ੍ਰਭਾਕਰ, ਅਮਿਤ ਮਠਾੜੂ (ਬਿਜਨਸ ਆਈਕੋਨਿਕ ਐਵਾਰਡ), ਕਬੀਰ ਕੁੱਸਾ (ਬੈਸਟ ਕਮਰਸੀਅਲ ਫਾਈਨਾਂਸ ਬਰੋਕਰ ਲੰਡਨ) ਨੂੰ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਸਭ ਤੋਂ ਖ਼ੂਬਸੂਰਤ ਪਲ ਉਦੋਂ ਵੇਖਣ ਨੂੰ ਮਿਲੇ ਜਦੋਂ ਮੰਚ ਉੱਪਰ ਚੜ੍ਹਣ ਦੇ ਨਾਕਾਬਿਲ ਕਾਰੋਬਾਰੀ ਗੁਰਸੇਵਕ ਸਿੰਘ ਜੀ ਨੂੰ ਮੰਚ ਤੋਂ ਹੇਠਾਂ ਉੱਤਰ ਕੇ ਆਦਰ ਸਹਿਤ ਸਨਮਾਨ ਭੇਂਟ ਕੀਤਾ ਗਿਆ।

ਹਾਜ਼ਰੀਨ ਵੱਲੋਂ ਬੇਰੋਕ ਤਾੜੀਆਂ ਮਾਰ ਕੇ ਇਹਨਾਂ ਪਲਾਂ ਦਾ ਗਵਾਹ ਬਣਿਆ ਗਿਆ। ਸਮਾਗਮ ਦੇ ਮੱਧ ਵਿੱਚ ਸੂਫ਼ੀ ਗਾਇਕਾ ਮੀਰਾ ਸੂਫ਼ੀ ਵੱਲੋਂ ਦਿੱਤੀ ਪੇਸ਼ਕਾਰੀ ਲਾਜਵਾਬ ਰਹੀ। ਸਰਵਸ੍ਰੀ ਤਲਵਿੰਦਰ ਸਿੰਘ, ਗੁਰਦੀਪ ਸਿੰਘ ਸਮਰਾ, ਰਣਜੀਤ ਸਿੰਘ ਵੀਰ, ਜਸਵਿੰਦਰ ਕਲੇਰ, ਮਨਜੀਤ ਕੌਰ ਪੱਡਾ, ਰਮਨਦੀਪ ਸਿੰਘ ਸੋਢੀ, ਨਾਸਿਰ ਢਿੱਲੋਂ ਆਦਿ ਨੇ ਆਪਣੇ ਸੰਬੋਧਨ ਦੌਰਾਨ ਇਸ ਵਿਸ਼ਵ ਪੱਧਰੀ ਸਮਾਗਮ ਨੂੰ ਉਲੀਕਣ ਲਈ 'ਪੰਜ ਦਰਿਆ ਯੂਕੇ', ਪਿਕਸੀ ਜੌਬ ਤੇ ਆਪਣਾ ਪੰਜਾਬ ਨੂੰ ਹਾਰਦਿਕ ਵਧਾਈ ਪੇਸ਼ ਕੀਤੀ ਜਿਹਨਾਂ ਵਿਸ਼ਵ ਭਰ ਦੇ ਉੱਦਮੀ ਕਾਰੋਬਾਰੀਆਂ ਲਈ ਇੱਕ ਵਿਸ਼ੇਸ਼ ਮੰਚ ਤਿਆਰ ਕੀਤਾ ਹੈ।

ਵਿਸ਼ੇਸ਼ ਐਲਾਨ ਕਰਦਿਆਂ ਮਨਦੀਪ ਖੁਰਮੀ ਹਿੰਮਤਪੁਰਾ ਨੇ ਇਸ ਐਵਾਰਡ ਦਾ ਅਗਲਾ ਚੈਪਟਰ ਯੂਕੇ ਵਿੱਚ ਕਰਨ ਦਾ ਐਲਾਨ ਕੀਤਾ ਤਾਂ ਹਾਜ਼ਰੀਨ ਨੇ ਤਾੜੀਆਂ ਦੀ ਗੜਗੜਾਹਟ ਵਿੱਚ ਭਰਵਾਂ ਸਵਾਗਤ ਕੀਤਾ। ਸਮੁੱਚੇ ਸਮਾਗਮ ਦੌਰਾਨ ਪ੍ਰਬੰਧਕ ਵਜੋਂ ਸੇਵਾਵਾਂ ਨਿਭਾਉਣ ਦੇ ਨਾਲ ਨਾਲ ਨਿਸ਼ਾ ਕੌਲ ਤੇ ਮਨਦੀਪ ਖੁਰਮੀ ਹਿੰਮਤਪੁਰਾ ਨੇ ਮੰਚ ਸੰਚਾਲਕ ਦੇ ਫਰਜ ਨਿਭਾ ਕੇ ਇਸ ਸਨਮਾਨ ਸਮਾਰੋਹ ਨੂੰ ਅੰਜਾਮ ਤੱਕ ਪਹੁੰਚਾਇਆ।

# ਕਿਸਾਨਾਂ ਦੀ ਧਮਕੀ ਮਗਰੋਂ ਪੀਐਮ ਮੋਦੀ ਦਾ ਵੀ ਐਕਸ਼ਨ ਮੋਡ, ਜਲੰਧਰ 'ਚ ਮੰਗਵਾ ਲਈ ਗੁਜਰਾਤ ਤੋਂ ਪੁਲਿਸ

**ਜਲੰਧਰ**
**ਸਾਂਝੀ ਸੋਚ ਬਿਊਰੋ**

ਕਿਸਾਨਾਂ ਦੀ ਧਮਕੀ ਮਗਰੋਂ ਪੀਐਮ ਮੋਦੀ ਦਾ ਵੀ ਐਕਸ਼ਨ ਮੋਡ, ਜਲੰਧਰ 'ਚ ਮੰਗਵਾ ਲਈ ਗੁਜਰਾਤ ਤੋਂ ਪੁਲਿਸ

ਪ੍ਰਧਾਨ ਮੰਤਰੀ ਨਰਿੰਦਰ ਮੋਦੀ 23 ਤੇ 24 ਮਈ ਨੂੰ ਚੋਣ ਪ੍ਰਚਾਰ ਲਈ ਪੰਜਾਬ ਆ ਰਹੇ ਹਨ। ਉਹ 24 ਮਈ ਨੂੰ ਜਲੰਧਰ ਵਿੱਚ ਰੈਲੀ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਨੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਸਥਾਨਕ ਪੁਲਿਸ ਨੇ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਹੈ। ਪਤਾ ਲੱਗਾ ਹੈ ਕਿ ਗੁਜਰਾਤ ਪੁਲਿਸ ਦੀਆਂ ਦੋ ਕੰਪਨੀਆਂ ਵੀ ਜਲੰਧਰ ਪਹੁੰਚ ਗਈਆਂ ਹਨ।

ਹਾਸਲ ਜਾਣਕਾਰੀ ਮੁਤਾਬਕ ਪੀਐਮ ਮੋਦੀ ਦੀ ਪੰਜਾਬ ਰੈਲੀ ਦੇ ਮੱਦੇਨਜ਼ਰ ਹਥਿਆਰਾਂ ਨਾਲ ਲੈਸ ਗੁਜਰਾਤ ਪੁਲਿਸ ਦੀਆਂ ਦੋ ਕੰਪਨੀਆਂ ਐਤਵਾਰ ਨੂੰ ਰੇਲ ਗੱਡੀ ਰਾਹੀਂ ਜਲੰਧਰ ਸਿਟੀ ਰੇਲਵੇ ਸਟੇਸ਼ਨ ਪਹੁੰਚੀਆਂ। ਸੂਤਰਾਂ ਮੁਤਾਬਕ ਪੀਐਮ ਮੋਦੀ ਦੀ ਰੈਲੀ ਦੀ ਪੂਰੀ ਨਿਗਰਾਨੀ ਗੁਜਰਾਤ ਪੁਲਿਸ ਦੇ ਹੱਥ ਹੀ ਹੋਵੇਗੀ। ਹਾਲਾਂਕਿ ਅਧਿਕਾਰੀਆਂ ਦਾ ਕਹਿਣਾ ਹੈ ਕਿ ਚੋਣਾਂ ਲਈ ਬਾਹਰਲੇ ਸੂਬਿਆਂ ਤੋਂ ਪੁਲਿਸ ਕੰਪਨੀਆਂ ਪੰਜਾਬ ਆ ਰਹੀਆਂ ਹਨ।ਹਾਸਲ ਜਾਣਕਾਰੀ ਅਨੁਸਾਰ 19 ਮਈ ਨੂੰ ਗੁਜਰਾਤ ਤੋਂ ਆਧੁਨਿਕ ਹਥਿਆਰਾਂ ਨਾਲ ਲੈਸ ਭਾਰੀ ਫੋਰਸ ਜਲੰਧਰ ਪਹੁੰਚੀ। ਉਕਤ ਕੰਪਨੀਆਂ ਦੂਜੇ ਰਾਜਾਂ ਵਿੱਚ ਚੋਣਾਂ ਕਰਵਾਉਣ ਤੋਂ ਬਾਅਦ ਐਤਵਾਰ ਨੂੰ ਪੰਜਾਬ ਆਈਆਂ। ਸੰਭਾਵਨਾ ਹੈ ਕਿ ਇਹ ਕੰਪਨੀਆਂ 4 ਜੂਨ ਤੋਂ ਬਾਅਦ ਵਾਪਸ ਜਾਣਗੀਆਂ। ਦੱਸ ਦਈਏ ਕਿ ਕੁੱਲ 7 ਕੰਪਨੀਆਂ ਪੰਜਾਬ ਪਹੁੰਚ ਚੁੱਕੀਆਂ ਹਨ ਜਿਨ੍ਹਾਂ ਨੂੰ ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਭੇਜਿਆ ਗਿਆ ਹੈ।ਜਲੰਧਰ ਪਹੁੰਚੀਆਂ ਦੋਵੇਂ ਕੰਪਨੀਆਂ ਰਾਜਸਥਾਨ, ਗੁਜਰਾਤ ਤੇ ਆਂਧਰਾ ਪ੍ਰਦੇਸ਼ ਦੀਆਂ ਚੋਣਾਂ ਦੇ ਵੱਖ-ਵੱਖ ਪੜਾਵਾਂ ਤੋਂ ਬਾਅਦ ਪੰਜਾਬ ਆਈਆਂ ਹਨ। ਉਹ ਪੰਜਾਬ ਵਿੱਚ ਸੱਤਵੇਂ ਪੜਾਅ ਦੀ ਵੋਟਿੰਗ ਵਿੱਚ ਡਿਊਟੀ 'ਤੇ ਹਨ। ਲੋਕ ਸਭਾ ਚੋਣਾਂ ਤਹਿਤ ਚਾਰ ਪੜਾਵਾਂ ਦੀ ਵੋਟਿੰਗ ਹੋ ਚੁੱਕੀ ਹੈ ਤੇ ਪੰਜਵੇਂ ਪੜਾਅ ਦੀ ਵੋਟਿੰਗ ਅੱਜ ਯਾਨੀ 20 ਮਈ ਨੂੰ ਹੋ ਰਹੀ ਹੈ। ਚੋਣਾਂ ਨੂੰ ਸ਼ਾਂਤੀਪੂਰਵਕ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਚੋਣਾਂ ਵਾਲੇ ਰਾਜਾਂ ਵਿੱਚ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ। ਵੋਟਿੰਗ ਤੋਂ ਬਾਅਦ ਕੰਪਨੀਆਂ ਨੂੰ ਦੂਜੇ ਰਾਜਾਂ ਵਿੱਚ ਸ਼ਿਫਟ ਕਰ ਦਿੱਤਾ ਜਾਂਦਾ ਹੈ।ਦਰਅਸਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੌਰੇ ਦੇ ਐਲਾਨ ਮਗਰੋਂ ਕਿਸਾਨ ਐਕਸ਼ਨ ਮੋਡ ਵਿੱਚ ਆ ਗਏ ਹਨ। ਕਿਸਾਨ ਪੀਐਮ ਮੋਦੀ ਦੇ ਵਿਰੋਧ ਦੀ ਪਲਾਨਿੰਗ ਕਰ ਰਹੇ ਹਨ। ਇਸ ਲਈ ਕਿਸਾਨ ਜਥੇਬੰਦੀਆਂ ਨੇ ਰਣਨੀਤੀ ਬਣਾਉਣੀ ਸ਼ੁਰੂ ਕਰ ਦਿੱਤੀ ਹੈ। ਇਸ ਦੀ ਕਨਸੋਅ ਲੱਗਦੇ ਹੀ ਪੰਜਾਬ ਤੇ ਕੇਂਦਰ ਦੀਆਂ ਏਜੰਸੀਆਂ ਅਲਰਟ ਹੋ ਗਈਆਂ ਹਨ। ਪੀਐਮ ਮੋਦੀ 23 ਤੇ 24 ਮਈ ਨੂੰ ਪੰਜਾਬ ਆ ਰਹੇ ਹਨ। ਹਾਸਲ ਜਾਣਕਾਰੀ ਮੁਤਾਬਕ ਪੀਐਮ ਮੋਦੀ ਵੱਲੋਂ ਪਟਿਆਲਾ, ਗੁਰਦਾਸਪੁਰ ਤੇ ਜਲੰਧਰ ਵਿੱਚ ਰੈਲੀਆਂ ਕੀਤੀਆਂ ਜਾਣੀਆਂ ਹਨ। ਇਸ ਦੇ ਨਾਲ ਹੀ ਕਿਸਾਨ ਜਥੇਬੰਦੀਆਂ ਨੇ ਪ੍ਰਧਾਨ ਮੰਤਰੀ ਦਾ ਵਿਰੋਧ ਕਰਨ ਦੀ ਰਣਨੀਤੀ ਬਣਾਉਣੀ ਸ਼ੁਰੂ ਕਰ ਦਿੱਤੀ ਹੈ। ਇਸ ਲਈ ਕਿਸਾਨ ਯੂਨੀਅਨਾਂ ਨੇ ਹੰਗਾਮੀ ਮੀਟਿੰਗ ਬੁਲਾਈ ਹੈ। ਇਸ ਮੀਟਿੰਗ 'ਚ ਪੀਐਮ ਮੋਦੀ ਖਿਲਾਫ ਪ੍ਰਦਰਸ਼ਨ ਦੇ ਫੈਸਲੇ 'ਤੇ ਵਿਚਾਰ ਕਰਕੇ ਭਵਿੱਖ ਦੀ ਰਣਨੀਤੀ ਤੈਅ ਕੀਤੀ ਜਾਵੇਗੀ। ਇਸ ਦੇ ਨਾਲ ਹੀ ਵਿਰੋਧ ਦਾ ਤਰੀਕਾ ਵੀ ਤੈਅ ਕੀਤਾ ਜਾਵੇਗਾ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਸਿਨਸਿਨੈਟੀ ਓਹਾਇਓ ਵਿਖੇ ਸਿੱਖ ਯੂਥ ਸਿਮਪੋਜ਼ੀਅਮ 2024 ਦਾ ਆਯੋਜਨ

**ਸਿਨਸਿਨੈਟੀ**
**ਸਾਂਝੀ ਸੋਚ ਬਿਊਰੋ**

ਸਲਾਨਾ ਸਿੱਖ ਯੂਥ ਸਿਮਪੋਜ਼ੀਅਮ 2024 ਦੇ ਸਥਾਨਕ ਪੱਧਰ ਦੇ ਭਾਸ਼ਣ ਮੁਕਾਬਲੇ ਲਈ ਅਮਰੀਕਾ ਦੇ ਸੂਬੇ ਓਹਾਇਓ ਦੇ ਸਿਨਸਨੈਟੀ, ਡੇਟਨ ਅਤੇ ਨੇੜਲੇ ਸ਼ਹਿਰਾਂ ਤੋਂ ਸਿੱਖ ਬੱਚੇ ਗੁਰੂ ਨਾਨਕ ਸੋਸਾਇਟੀ ਆਫ ਗ੍ਰੇਟਰ ਸਿਨਸਿਨੈਟੀ ਗੁਰਦੁਆਰਾ ਸਾਹਿਬ ਵਿਖੇ ਇਕੱਠੇ ਹੋਏ। ਸਿੱਖ ਯੂਥ ਅਲਾਇੰਸ ਆਫ ਨਾਰਥ ਅਮਰੀਕਾ (ਸਿਆਨਾ) ਸੰਸਥਾ ਦੀ ਸਰਪ੍ਰਸਤੀ ਹੇਠ ਆਯੋਜਿਤ ਪ੍ਰੋਗਰਾਮ ਵਿੱਚ 6 ਸਾਲ ਤੋਂ ਲੈ ਕੇ 22 ਸਾਲ ਤੱਕ ਦੇ 50 ਬੱਚਿਆਂ ਤੇ ਨੌਜਵਾਨਾਂ ਨੇ ਭਾਗ ਲਿਆ। ਇਸ ਸਮਾਗਮ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਸਿਨਸਿਨਾਟੀ ਅਤੇ ਡੇਟਨ ਖੇਤਰ ਦੇ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਦੱਸਿਆ ਕਿ ਭਾਗ ਲੈਣ ਵਾਲੇ ਬੱਚਿਆਂ ਨੂੰ ਉਮਰ ਅਨੁਸਾਰ ਪੰਜ ਗਰੁੱਪਾਂ ਵਿਚ ਵੰਡਿਆ ਜਾਂਦਾ ਹੈ। ਹਰੇਕ ਗਰੁੱਪ ਨੂੰ 4 ਮਹੀਨੇ ਪਹਿਲਾਂ ਇਕ ਕਿਤਾਬ ਦਿੱਤੀ ਜਾਂਦੀ ਹੈ ਤੇ ਬੱਚਿਆਂ ਨੇ ਉਸ ਦੇ ਵਿਚੋਂ ਦਿੱਤੇ ਗਏ ਤਿੰਨ ਸਵਾਲਾਂ ਦੇ ਜਵਾਬ 5 ਤੋਂ 7 ਮਿੰਟ ਵਿਚ ਭਾਸ਼ਣ ਦੇ ਰੂਪ ਵਿਚ ਦੇਣੇ ਹੁੰਦੇ ਹਨ। ਇਸ ਸਾਲ ਪਹਿਲੇ ਗਰੁੱਪ ਨੂੰ "ਮਾਈ ਗੁਰੂਜ਼ ਬਲੈਸਿੰਗਜ਼", ਦੂਜੇ ਨੂੰ "ਟੀਚਿੰਗ ਸਿੱਖ ਹੈਰੀਟੇਜ ਟੂ ਯੂਥ", ਤੀਜੇ ਨੂੰ "20 ਮਿੰਟ ਗਾਈਡ ਟੂ ਦ ਸਿੱਖ ਫੇਥ" ਅਤੇ ਚੌਥੇ ਨੂੰ "ਕਲੈਸ਼ ਆਫ ਕਲਚਰ" ਪੁਸਤਕ ਦਿੱਤੀ ਗਈ। 1984 ਦੇ ਘੱਲੂਘਾਰੇ ਅਤੇ ਕਤਲੇਆਮ ਦੀ 40ਵੀ ਵਰ੍ਹੇਗੰਡ ਨੂੰ ਸਮਰਪਤ ਪੰਜਵੇਂ ਗਰੁੱਪ ਦਾ ਵਿਸ਼ਾ "1984 ਦਾ ਘੱਲੂਘਾਰਾ ਅਤੇ ਉਸ ਤੋਂ ਬਾਦ ਦਾ ਸਿੱਖ ਸੰਘਰਸ਼" ਰੱਖਿਆ ਗਿਆ ਹੈ। ਹਰ ਸਾਲ ਵਾਂਗ ਸਿਮਪੋਜ਼ੀਅਮ ਦੀ ਅਰੰਭਤਾ ਅਤੇ ਸਮਾਪਤੀ ਅਰਦਾਸ ਅਤੇ ਹੁਕਮਨਾਮਾ ਲੈ ਕੇ ਹੋਈ। ਆਪਣੇ ਉਦਘਾਟਣੀ ਭਾਸ਼ਣ ਵਿੱਚ ਡਾ. ਕਿਰਨਪਾਲ ਸਿੰਘ ਸੰਘਾ ਨੇ ਭਾਗ ਲੈਣ ਨੌਜਵਾਨਾਂ, ਪਰਿਵਾਰ ਅਤੇ ਭਾਈਚਾਰੇ ਦੇ ਮੈਂਬਰਾਂ ਨੂੰ ਦੱਸਿਆ, "ਸਿਨਸਿਨੈਟੀ ਵਿਖੇ ਸਿਮਪੋਜ਼ੀਅਮ ਦੇ ਆਯੋਜਨ ਦਾ ਇਹ 20ਵਾਂ ਸਾਲ ਹੈ। 2023 ਦੀ ਸਿੱਖ ਕੋਲੀਸ਼ਨ ਦੀ ਰਿਪੋਰਟ ਅਨੁਸਾਰ ਲਗਭਰ 80% ਸਿੱਖ ਨੌਜਵਾਨਾਂ ਨਾਲ ਸਕੂਲ ਵਿੱਚ ਦੂਜੇ ਬੱਚਿਆਂ ਵਲੋਂ ਧੱਕੇਸ਼ਾਹੀ ਹੁੰਦੀ ਹੈ। ਸਿਮਪੋਜ਼ੀਅਮ 'ਚ ਭਾਗ ਲੈਣ ਵਾਲੇ ਬੱਚਿਆਂ ਦਾ ਆਤਮ ਵਿਸ਼ਵਾਸ ਵਧੇਗਾ ਅਤੇ ਉਹ ਸਾਡੇ ਭਵਿੱਖ ਦੇ ਆਗੂ ਬਣ ਸਕਣਗੇ।" ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਪੁਰਸਕਾਰ ਅਤੇ ਕਿਤਾਬਾਂ ਨਾਲ ਸਨਮਾਨਿਤ ਕੀਤਾ ਗਿਆ। ਹਰੇਕ ਗਰੁਪ ਦੇ ਜੇਤੂ ਬੱਚੇ ਓਹਾਇਓ ਅਤੇ ਪੈਨਸਲਵੇਨੀਆਂ ਸੂਬੇ ਦੇ ਹੋਰਨਾਂ ਸ਼ਹਿਰਾਂ ਦੇ ਜੇਤੂਆਂ ਨਾਲ ਕਲੀਵਲੈਂਡ ਵਿਖੇ ਹੋਣ ਵਾਲੇ ਰਾਜ ਪੱਧਰੀ ਮੁਕਾਬਲਿਆਂ ਵਿਚ ਭਾਗ ਲੈਣਗੇ। ਇਸ ਮੌਕੇ ਮਰਹੂਮ ਜੈਪਾਲ ਸਿੰਘ ਨੂੰ ਵੀ ਯਾਦ ਕੀਤਾ ਗਿਆ ਜਿਸ ਨੇ ਸਿੱਖ ਨੌਜਵਾਨਾਂ ਨੂੰ ਸਾਲ ਦਰ ਸਾਲ ਨਿਰਸਵਾਰਥ ਅਤੇ ਪੂਰੀ ਤਨਦੇਹੀ ਨਾਲ ਸਿੱਖਿਆ ਅਤੇ ਮਾਰਗਦਰਸ਼ਨ ਦਿੱਤਾ। ਭਾਈਚਾਰੇ ਦੇ ਸੀਨੀਅਰ ਮੈਂਬਰ ਅਤੇ ਜੱਜ ਦੀ ਸੇਵਾ ਕਰ ਰਹੇ ਤਰਲੋਚਨ ਸਿੰਘ ਸੰਧਾਵਾਲੀਆ ਨੇ ਇਸ ਸਮਾਗਮ ਦੀ ਸਫਲਤਾ ਲਈ ਬੱਚਿਆਂ, ਅਧਿਆਪਕਾਂ, ਮਾਪਿਆਂ, ਸੇਵਾਦਾਰਾਂ ਅਤੇ ਪ੍ਰਬੰਧਕਾ ਦਾ ਧੰਨਵਾਦ ਕੀਤਾ ਅਤੇ ਵਧਾਈ ਦਿੱਤੀ। ਉਹਨਾਂ ਕਿਹਾ, "ਛੋਟੇ ਬੱਚਿਆਂ ਨੇ ਅੱਜ ਵੱਡੇ ਸੰਦੇਸ਼ ਦਿੱਤੇ, ਭਾਗ ਲੈਣ ਵਾਲੇ ਸਾਰੇ ਬੱਚੇ ਜੇਤੂ ਹਨ। ਮੈਂ ਆਸ ਕਰਦਾ ਹਾਂ ਅਤੇ ਅਰਦਾਸ ਕਰਦਾ ਹਾਂ ਕਿ ਗੁਰੂ ਸਾਹਿਬ ਇਨਾਂ ਬੱਚਿਆਂ ਨੂੰ ਹੋਰ ਗਿਆਨ ਦੇਣ ਅਤੇ ਗੁਰੂ ਨਾਨਕ ਦੀ ਫੁਲਵਾੜੀ ਨੂੰ ਹੋਰ ਵੱਡਾ ਅਤੇ ਸੁੰਦਰ ਬਣਾਉਣ।"



# ਆਨੰਦਪੁਰ ਸਾਹਿਬ ਵਿੱਚ ਕਪਾਹ ਉਦਯੋਗ ਦਾ ਵੱਡਾ ਪ੍ਰੋਜੈਕਟ ਲੈ ਕੇ ਆਵਾਂਗਾ :ਡਾ.ਸੁਭਾਸ਼ ਸ਼ਰਮਾ

**ਸ੍ਰੀ ਆਨੰਦਪੁਰ ਸਾਹਿਬ**
**ਸਾਂਝੀ ਸੋਚ ਬਿਊਰੋ**

ਸ੍ਰੀ ਆਨੰਦਪੁਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਅੱਜ ਬਲਾਚੌਰ ਵਿੱਚ ਚੋਣ ਪ੍ਰਚਾਰ ਦੌਰਾਨ ਵੱਖ-ਵੱਖ ਜਨ ਸਭਾਵਾਂ ਨੂੰ ਸੰਬੋਧਨ ਕੀਤਾ। ਇਸ ਦੌਰਾਨ ਡਾ: ਸੁਭਾਸ਼ ਸ਼ਰਮਾ ਨੇ ਸ੍ਰੀ ਆਨੰਦਪੁਰ ਸਾਹਿਬ ਹਲਕੇ ਦਾ ਸਭ ਤੋਂ ਅਹਿਮ ਮੁੱਦਾ ਉਠਾਉਂਦਿਆਂ ਕਿਹਾ ਕਿ ਸਾਡੇ ਹਲਕੇ ਦੇ ਸੈਂਕੜੇ ਨੌਜਵਾਨ ਕਪਾਹ ਉਦਯੋਗ ਵਿੱਚ ਕੰਮ ਕਰਨ ਲਈ ਮਹਾਰਾਸ਼ਟਰ ਅਤੇ ਗੁਜਰਾਤ ਵਰਗੇ ਸੂਬਿਆਂ ਵਿੱਚ ਜਾਂਦੇ ਹਨ। ਛੋਟੀ ਉਮਰ ਵਿੱਚ ਘਰ ਤੋਂ ਦੂਰ ਜਾਣਾ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਮੁਸ਼ਕਿਲਾਂ ਵਿਚ ਪਾ ਦਿੰਦਾ ਹੈ। ਡਾ.ਸ਼ਰਮਾ ਨੇ ਐਤਵਾਰ ਨੂੰ ਲੋਕਾਂ ਨਾਲ ਵਾਅਦਾ ਕੀਤਾ ਕਿ ਜੇਕਰ ਉਨ੍ਹਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਤਾਂ ਉਹ ਇੱਥੇ ਕਪਾਹ ਉਦਯੋਗ ਨਾਲ ਸਬੰਧਤ ਇਕ ਵੱਡਾ ਪ੍ਰੋਜੈਕਟ ਲੈ ਕੇ ਆਉਣਗੇ ਤਾਂ ਜੋ ਇੱਥੋਂ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਰੁਜ਼ਗਾਰ ਮਿਲ ਸਕੇ। ਉਹਨਾਂ ਕਿਹਾ ਇਸ ਦੇ ਲਈ ਜੇ ਮੈਨੂੰ ਸ਼੍ਰੀ ਆਨੰਦਪੁਰ ਸਾਹਿਬ ਤੋਂ ਦਿੱਲੀ ਤੱਕ 100 ਚੱਕਰ ਵੀ ਲਾਣੇ ਪੈਣ ਤਾਂ ਵੀ ਉਹ ਪਿੱਛੇ ਨਹੀਂ ਹਟਣਗੇ ਤੇ ਪ੍ਰੋਜੈਕਟ ਜ਼ਰੂਰ ਲੇਕਰ ਆਉਣਗੇ।

ਡਾ. ਸੁਭਾਸ਼ ਸ਼ਰਮਾ ਨੇ ਕਿਹਾ ਕਿ ਸਿਰਫ ਪ੍ਰੋਜੈਕਟ ਹੀ ਨਹੀਂ, ਮੈਂ ਮੋਦੀ ਸਰਕਾਰ ਨੂੰ ਇੱਥੇ ਇੱਕ ਹੁਨਰ ਕੇਂਦਰ ਸਥਾਪਤ ਕਰਨ ਦੀ ਵੀ ਬੇਨਤੀ ਕਰਾਂਗਾ ਤਾਂ ਜੋ ਨੌਜਵਾਨਾਂ ਨੂੰ ਕਪਾਹ ਉਦਯੋਗ ਨਾਲ ਸਬੰਧਤ ਹਰ ਤਕਨੀਕ ਦਾ ਗਿਆਨ ਹੋ ਸਕੇ। ਜਦੋਂ ਸਾਡੇ ਨੌਜਵਾਨਾਂ ਨੂੰ ਤਕਨਾਲੋਜੀ ਦਾ ਗਿਆਨ ਹੋਵੇਗਾ ਤਾਂ ਉਹ ਚੰਗੀ ਤਨਖਾਹ ਕਮਾ ਸਕਣਗੇ ਅਤੇ ਲੋੜ ਪੈਣ 'ਤੇ ਹੁਨਰਮੰਦ ਨੌਜਵਾਨ ਆਪਣੇ ਉਦਯੋਗ ਵੀ ਸਥਾਪਿਤ ਕਰ ਸਕਣਗੇ।

ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਹਾਇਤਾ ਨਾ ਦੇਣ ਕਾਰਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਗਊਸ਼ਾਲਾਂ ਦਾ ਪ੍ਰਬੰਧ ਸਹੀ ਢੰਗ ਨਾਲ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਸਨਾਤਨ ਧਰਮ ਵਿੱਚ ਗਾਂ ਨੂੰ ਮਾਤਾ ਦਾ ਦਰਜਾ ਦਿੱਤਾ ਗਿਆ ਹੈ। ਗਊ ਰੱਖਿਆ ਲਈ ਗਊਸ਼ਾਲਾਂ ਵਿੱਚ ਬਿਜਲੀ, ਸ਼ੈੱਡ, ਪਿੜ, ਚਾਰਾ ਆਦਿ ਵਰਗੀਆਂ ਲੋੜੀਂਦੀਆਂ ਸਹੂਲਤਾਂ ਦਾ ਹੋਣਾ ਬਹੁਤ ਜ਼ਰੂਰੀ ਹੈ। ਡਾ: ਸ਼ਰਮਾ ਨੇ ਕਿਹਾ ਕਿ ਮੈਂ ਸੰਸਦ ਮੈਂਬਰ ਬਣਨ ਤੋਂ ਬਾਅਦ ਗਊਆਂ ਦੇ ਰੱਖ-ਰਖਾਅ ਲਈ ਹਰ ਸਾਲ ਆਪਣੇ ਸੰਸਦੀ ਫੰਡ ਵਿੱਚੋਂ ਵੱਡੀ ਰਕਮ ਜਾਰੀ ਕਰਾਂਗਾ। ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਗਊ ਮਾਤਾ ਦੀ ਸੇਵਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ ਜਿਸ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗਊਆਂ ਦੀ ਸੰਭਾਲ ਨਾਲ ਕਿਸਾਨਾਂ ਨੂੰ ਵੀ ਫਾਇਦਾ ਹੋਵੇਗਾ। ਭਾਜਪਾ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਅੱਜ ਪੋਜੇਵਾਲ, ਮਾਲੇਵਾਲ, ਕਾਠਗੜ੍ਹ, ਬੇਗੋਵਾਲ ਆਦਿ ਦਾ ਤੂਫ਼ਾਨੀ ਚੋਣ ਦੌਰਾ ਕੀਤਾ, ਜਿਸ ਵਿੱਚ ਮੋਦੀ ਪ੍ਰਤੀ ਸਥਾਨਕ ਲੋਕਾਂ ਦਾ ਸਮਰਥਨ ਸਾਫ਼ ਨਜ਼ਰ ਆ ਰਿਹਾ ਸੀ।

# ਗੁਰਪਤਵੰਤ ਪੰਨੂ ਵੱਲੋਂ ਪੀਐਮ ਮੋਦੀ ਨੂੰ ਜਾਨੋਂ ਮਾਰਨ ਦੀ ਧਮਕੀ, ਕਿਸਾਨਾਂ ਨੂੰ ਦਿੱਤੀ ਹੱਲਾਸ਼ੇਰੀ

**ਨਿਊਯਾਰਕ**
**ਸਾਂਝੀ ਸੋਚ ਬਿਊਰੋ**



ਸਿੱਖ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਇਸ ਲਈ ਉਸ ਨੇ ਪੰਜਾਬ ਦੇ ਕਿਸਾਨਾਂ ਨੂੰ ਵੀ ਹੱਲਾਸ਼ੇਰੀ ਦਿੱਤੀ ਹੈ। ਪੰਨੂੰ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਮੋਦੀ ਦੇ ਕਾਫਲੇ ਨੂੰ ਰੋਕਣ ਲਈ ਉਕਸਾਇਆ ਹੈ। ਇਸ ਦੇ ਨਾਲ ਹੀ ਉਸ ਨੇ ਅਜਿਹਾ ਕਰਨ ਲਈ ਉਨ੍ਹਾਂ ਨੂੰ 1 ਲੱਖ ਡਾਲਰ ਦੀ ਪੇਸ਼ਕਸ਼ ਵੀ ਕੀਤੀ ਹੈ। ਭਾਰਤ ਸਰਕਾਰ ਵੱਲੋਂ ਪੰਨੂੰ ਨੂੰ ਅੱਤਵਾਦੀ ਐਲਾਨਿਆ ਹੋਇਆ ਹੈ। ਗੁਰਪਤਵੰਤ ਪੰਨੂੰ ਨੇ ਵੀਡੀਓ ਜਾਰੀ ਕਰਕੇ ਕਿਹਾ ਹੈ ਕਿ ਪੰਜਾਬ ਦੇ ਨੌਜਵਾਨਾਂ ਤੇ ਕਿਸਾਨਾਂ ਦਾ ਕਾਤਲ ਪੀਐਮ ਮੋਦੀ ਪੰਜਾਬ ਆ ਰਿਹਾ ਹੈ। ਯਾਦ ਕਰੋ ਸਿੱਖਾਂ ਤੇ ਤਾਮਿਲਾਂ ਦੀ ਨਸਲਕੁਸ਼ੀ ਕਰਨ ਵਾਲੇ ਰਾਜੀਵ ਗਾਂਧੀ ਨੂੰ 21 ਮਈ, 1991 ਨੂੰ ਬੰਬ ਨਾਲ ਰੋਕਿਆ ਗਿਆ ਸੀ। ਨਰਿੰਦਰ ਮੋਦੀ ਨੂੰ ਘਰ ਅੰਦਰ ਵੜ ਕੇ ਕਤਲ ਕਰਨ ਦਾ ਸ਼ੌਕ ਹੈ। ਪੰਜਾਬ ਦੇ ਕਿਸਾਨ ਵੱਲੋਂ ਪ੍ਰਧਾਨ ਮੰਤਰੀ ਮੋਦੀ ਨੂੰ ਪੰਜਾਬ ਵਿੱਚ ਹੀ ਜਵਾਬ ਦੇਣਾ ਪਵੇਗਾ। ਸਾਰੀਆਂ ਸੜਕਾਂ ਤੇ ਹਵਾਈ ਅੱਡੇ ਦੇ ਰਸਤੇ ਬੁਲਡੋਜ਼ਰਾਂ ਤੇ ਟਰੈਕਟਰਾਂ ਨਾਲ ਬੰਦ ਕਰ ਦਿੱਤੇ ਜਾਣ। ਨਰਿੰਦਰ ਮੋਦੀ ਨੂੰ ਇੱਥੇ ਬੋਲਣ ਨਹੀਂ ਦਿੱਤਾ ਜਾਵੇਗਾ। ਮੋਦੀ ਨੂੰ ਦੱਸਣਾ ਪਵੇਗਾ ਕਿ ਇਹ ਪੰਜਾਬ ਹੈ, ਜੋ ਭਾਰਤ ਤੋਂ ਆਜ਼ਾਦੀ ਚਾਹੁੰਦਾ ਹੈ।

ਪੰਨੂ ਨੇ ਕਿਸਾਨਾਂ ਨੂੰ ਭੜਕਾਉਣ ਦੀ ਕੋਸ਼ਿਸ਼ ਕੀਤੀ ਤੇ ਉਨ੍ਹਾਂ ਨੂੰ ਲਾਲਚ ਵੀ ਦਿੱਤਾ ਹੈ। ਪੰਨੂੰ ਨੇ ਵੀਡੀਓ ਵਿੱਚ ਕਿਹਾ ਕਿ ਕਿਸਾਨਾਂ ਦੇ ਖ਼ੂਨ ਦੀ ਇੱਕ-ਇੱਕ ਬੂੰਦ ਦਾ ਹਿਸਾਬ ਦੇਣਾ ਪਵੇਗਾ। ਦੁਸ਼ਮਣ ਘਰ ਵਿੱਚ ਆ ਰਿਹਾ ਹੈ ਤੇ ਹੁਣ ਘਰ ਵਿੱਚ ਹੀ ਜਵਾਬ ਮਿਲੇਗਾ। ਮੋਦੀ ਦੇ ਕਾਫਲੇ ਨੂੰ ਰੋਕਣ ਤੋਂ ਪਹਿਲਾਂ ਹੀ ਉਹ ਕਿਸਾਨਾਂ ਨੂੰ 1 ਲੱਖ ਡਾਲਰ ਦੇਵੇਗਾ। ਪੰਨੂ ਦਾ ਕਹਿਣਾ ਹੈ ਕਿ ਮੋਦੀ ਤੁਹਾਡੇ ਤੋਂ ਵੋਟਾਂ ਲੈਣ ਪੰਜਾਬ ਆ ਰਿਹਾ ਹੈ। ਤੁਹਾਡੇ ਘਰਾਂ ਵਿੱਚ ਲਾਸ਼ਾਂ ਪਈਆਂ ਹਨ, ਤੁਹਾਡੇ ਘਰਾਂ ਵਿੱਚ ਚੁੱਲ੍ਹੇ ਨਹੀਂ ਬਲਦੇ ਤੇ ਉਹ ਵੋਟਾਂ ਲੈਣ ਆ ਰਹੇ ਹਨ। ਵੋਟਾਂ ਦਾ ਜਵਾਬ ਬੁਲਡੋਜ਼ਰ ਨਾਲ ਦੇਣਾ ਪਵੇਗਾ। ਮੋਦੀ ਨੂੰ ਪੰਜਾਬ ਵਿੱਚ ਵੋਟਾਂ ਲਈ ਜਵਾਬ ਦੇਣਾ ਪਵੇਗਾ। ਦੱਸ ਦਈਏ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਗਲੇ ਹਫ਼ਤੇ ਪੰਜਾਬ ਆ ਰਹੇ ਹਨ। ਇਸ ਦੌਰਾਨ ਉਹ ਤਿੰਨ ਲੋਕ ਸਭਾ ਹਲਕਿਆਂ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰਨਗੇ। 23 ਮਈ ਨੂੰ ਉਹ ਪਟਿਆਲਾ ਤੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਲੋਕ ਸਭਾ ਹਲਕਿਆਂ ਵਿੱਚ ਰੈਲੀਆਂ ਕਰਨਗੇ।

# ਹਾਦਸੇ 'ਚ 'ਆਪ' ਆਗੂ ਦੀ ਮੌਤ, ਟੀਨੂੰ ਲਈ ਕਰਨ ਜਾ ਰਹੇ ਸੀ ਪ੍ਰਚਾਰ, ਟਿੱਪਰ ਨਾਲ ਟਕਰਾਈ ਕਾਰ

**ਜਲੰਧਰ**
**ਸਾਂਝੀ ਸੋਚ ਬਿਊਰੋ**

ਜਲੰਧਰ ਦੇ ਕਰਤਾਰਪੁਰ ਨੇੜੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਆਮ ਆਦਮੀ ਪਾਰਟੀ ਦੇ ਮੈਡੀਕਲ ਸੈੱਲ ਦੇ ਜਨਰਲ ਸਕੱਤਰ ਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਡਾਕਟਰ ਮਹਿੰਦਰਜੀਤ ਸਿੰਘ ਮਰਵਾਹਾ ਵਜੋਂ ਹੋਈ ਹੈ। ਇਹ ਹਾਦਸਾ ਅੱਜ ਸਵੇਰੇ ਕਰਤਾਰਪੁਰ ਦੇ ਪਿੰਡ ਲਿੱਦੜਾਂ ਨੇੜੇ ਵਾਪਰਿਆ।

ਪੁਲਿਸ ਨੇ ਮਹਿੰਦਰ ਸਿੰਘ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਥਾਣਾ ਕਰਤਾਰਪੁਰ ਦੀ ਪੁਲਿਸ ਮਾਮਲੇ ਦੀ ਜਾਂਚ ਕਰਕੇ ਅਗਲੇਰੀ ਕਾਰਵਾਈ ਕਰੇਗੀ। ਪ੍ਰਾਪਤ ਜਾਣਕਾਰੀ ਅਨੁਸਾਰ ਹਾਦਸੇ ਸਮੇਂ ਮਰਵਾਹਾ ਆਪਣੀ ਆਰਟਿਕਾ ਕਾਰ ਵਿੱਚ ਜਲੰਧਰ ਤੋਂ ਕਰਤਾਰਪੁਰ ਵੱਲ ਆ ਰਹੇ ਸੀ। ਇਸ ਦੌਰਾਨ ਜਦੋਂ ਉਹ ਵਿਧੀਪੁਰ ਫਾਟਕ ਦੇ ਸਾਹਮਣੇ ਪਹੁੰਚੇ ਤਾਂ ਉਨ੍ਹਾਂ ਦੀ ਕਾਰ ਖੜ੍ਹੇ ਟਿੱਪਰ ਨਾਲ ਟਕਰਾ ਗਈ।

ਇਸ ਘਟਨਾ ਵਿੱਚ ਉਹ ਗੰਭੀਰ ਜ਼ਖ਼ਮੀ ਹੋ ਗਏ। ਜਦੋਂ ਤੱਕ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਉਦੋਂ ਤੱਕ ਉਨ੍ਹਾਂ ਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਕਰਤਾਰਪੁਰ ਦੀ ਪੁਲਿਸ ਮੌਕੇ 'ਤੇ ਪਹੁੰਚ ਗਈ। ਕਰਤਾਰਪੁਰ ਪੁਲਿਸ ਤੋਂ ਪਹਿਲਾਂ ਸੜਕ ਸੁਰੱਖਿਆ ਬਲ ਦੀ ਟੀਮ ਵੀ ਮੌਕੇ 'ਤੇ ਪਹੁੰਚ ਗਈ ਸੀ ਪਰ ਮਰਵਾਹਾ ਦੀ ਜਾਨ ਨਹੀਂ ਬਚਾਈ ਜਾ ਸਕੀ।

ਦੱਸ ਦੇਈਏ ਕਿ ਮਹਿੰਦਰ ਜੀਤ ਸਿੰਘ ਮਰਵਾਹਾ, ਕਰਤਾਰਪੁਰ ਹਲਕੇ ਤੋਂ ਵਿਧਾਇਕ ਅਤੇ ਕੈਬਨਿਟ ਮੰਤਰੀ ਬਲਕਾਰ ਸਿੰਘ ਦੇ ਕਾਫੀ ਕਰੀਬੀ ਮੰਨੇ ਜਾਂਦੇ ਹਨ। ਮਰਵਾਹਾ ਨੂੰ ਬਲਕਾਰ ਸਿੰਘ ਦਾ ਸੱਜਾ ਹੱਥ ਮੰਨਿਆ ਜਾਂਦਾ ਸੀ। ਮਰਵਾਹਾ ਨੇ ਮੰਤਰੀ ਬਲਕਾਰ ਸਿੰਘ ਦਾ ਸਾਰਾ ਕੰਮ ਵੀ ਸੰਭਾਲਿਆ। ਮਰਵਾਹਾ ਦੀ ਮੌਤ ਤੋਂ ਬਾਅਦ ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ।

# ਪੂਰੇ 41 ਦਿਨ ਬੰਦ ਰਹਿਣਗੇ ਪੰਜਾਬ ਦੇ ਸਕੂਲ

**ਜਲੰਧਰ**
**ਸਾਂਝੀ ਸੋਚ ਬਿਊਰੋ**

ਗਰਮੀ ਦੇ ਪ੍ਰਕੋਪ ਨੂੰ ਦੇਖਦੇ ਹੋਏ ਸਕੂਲਾਂ ਵਿਚ ਛੁੱਟੀਆ ਦਾ ਐਲਾਨ ਕਰ ਦਿੱਤਾ ਗਿਆ ਹੈ। ਪਹਿਲਾਂ ਛੁੱਟੀਆਂ ਪਹਿਲੀ ਜੂਨ ਤੋਂ ਹੋਣੀਆਂ ਸਨ, ਪਰ ਗਰਮੀ ਦਾ ਕਹਿਰ ਦੇਖਦੇ ਹੋਏ ਕੱਲ੍ਹ 21 ਮਈ ਤੋਂ ਹੀ ਛੁੱਟੀਆਂ ਕਰ ਦਿੱਤੀਆਂ ਗਈਆਂ ਹਨ। ਇਸ ਬਾਰੇ ਸਿੱਖਿਆ ਵਿਭਾਗ ਵੱਲੋਂ ਲਿਖਤੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਸ ਵਾਰ ਲਗਾਤਾਰ 41 ਦਿਨ ਸਕੂਲ ਬੰਦ ਰਹਿਣਗੇ।

ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਵਿੱਚ 21 ਮਈ ਤੋਂ 30 ਮਈ ਤੱਕ ਛੁੱਟੀਆਂ ਦਾ ਐਲਾਨ ਕੀਤਾ ਹੈ। ਪਹਿਲਾਂ ਸਕੂਲਾਂ ਵਿੱਚ ਸਮਾਂ ਬਦਲਿਆ ਗਿਆ ਸੀ ਪਰ ਇਸ ਦੇ ਬਾਵਜੂਦ ਬੱਚਿਆਂ ਨੂੰ ਗਰਮੀ ਤੋਂ ਰਾਹਤ ਨਹੀਂ ਮਿਲ ਰਹੀ ਸੀ। ਸਿੱਖਿਆ ਵਿਭਾਗ ਵੱਲੋਂ ਇਸ ਸਬੰਧੀ ਲਿਖਤੀ ਹੁਕਮ ਜਾਰੀ ਕਰ ਦਿੱਤਾ ਗਿਆ ਹੈ।

ਦੱਸ ਦਈਏ ਕਿ ਪੰਜਾਬ ਤੇ ਹਰਿਆਣਾ ਵਿੱਚ ਪਿਛਲੇ ਇਕ ਹਫ਼ਤੇ ਤੋਂ ਚੱਲ ਰਹੀ ਲੂ ਨੇ ਲੋਕਾਂ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਹਨ। ਗਰਮੀ ਕਰਕੇ ਲੋਕ ਘਰਾਂ ਵਿਚ ਤੜੇ ਰਹਿਣ ਲਈ ਮਜਬੂਰ ਹਨ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA

# ਪੰਜਾਬ 'ਚ ਆਮ ਆਦਮੀ ਪਾਰਟੀ ਲਗਾਤਾਰ ਹੋ ਰਹੀ ਹੈ ਮਜ਼ਬੂਤ ਵਿਰੋਧੀ ਪਾਰਟੀਆਂ ਦੇ ਕਈ ਵੱਡੇ ਨੇਤਾ 'ਆਪ' 'ਚ ਹੋਏ ਸ਼ਾਮਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਲਗਾਤਾਰ ਮਜ਼ਬੂਤ ਹੁੰਦੀ ਜਾ ਰਹੀ ਹੈ। ਇਸ ਦੇ ਨਾਲ ਹੀ ਵਿਰੋਧੀ ਪਾਰਟੀਆਂ ਨੂੰ ਵੀ ਝਟਕਾ ਲੱਗ ਰਿਹਾ ਹੈ। ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਦੇ ਆਗੂ ਹਰ ਰੋਜ਼ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਸੋਮਵਾਰ ਨੂੰ ਵੀ ਕਈ ਜ਼ਿਲਿਆਂ 'ਚ ਵਿਰੋਧੀ ਪਾਰਟੀਆਂ ਦੇ ਕਈ ਵੱਡੇ ਆਗੂ 'ਆਪ' 'ਚ ਸ਼ਾਮਲ ਹੋ ਗਏ, ਜਿਸ ਕਾਰਨ ਲੋਕ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਹੈ।

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕਰਵਾਇਆ ਅਤੇ ਉਨ੍ਹਾਂ ਦਾ ਸਵਾਗਤ ਕੀਤਾ। ਲੁਧਿਆਣਾ 'ਚ ਆਮ ਆਦਮੀ ਪਾਰਟੀ ਨੇ ਕਾਂਗਰਸ ਤੇ ਭਾਜਪਾ ਨੂੰ ਵੱਡਾ ਝਟਕਾ ਦਿੱਤਾ ਹੈ। ਇੱਥੇ ਕਾਂਗਰਸ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਮਨੀਸ਼ਾ ਕਪੂਰ ਅਤੇ ਭਾਜਪਾ ਘੱਟ ਗਿਣਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਅਨਵਰ ਹੁਸੈਨ ਅਤੇ ਬੁਲਾਰੇ ਅਸਰਾਰ ਤਰੀਨ 'ਆਪ' ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਲੁਧਿਆਣਾ ਲੋਕ ਸਭਾ ਵਿੱਚ 'ਆਪ' ਹੋਰ ਮਜ਼ਬੂਤ ਹੋ ਗਈ ਹੈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਵਿਧਾਇਕ ਮਦਨ ਲਾਲ ਬੱਗਾ ਵੀ ਮੌਜੂਦ ਸਨ।

ਲੁਧਿਆਣਾ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਕਾਂਗਰਸੀ ਕੌਂਸਲਰ ਸੋਹਣ ਸਿੰਘ ਗੋਗਾ ਅਤੇ ਆਟੋ ਯੂਨੀਅਨ ਦੇ ਪ੍ਰਧਾਨ ਸਤੀਸ਼ ਕੁਮਾਰ ਮਾਮਾ ਅਤੇ ਵਪਾਰ ਮੰਡਲ ਦੇ ਕਈ ਅਹੁਦੇਦਾਰ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। 'ਆਪ' ਵਿਧਾਇਕ ਕੁਲਵੰਤ ਸਿੱਧੂ ਨੇ ਉਨ੍ਹਾਂ ਨੂੰ ਸ਼ਾਮਲ ਕਰਵਾਉਣ ਵਿਚ ਅਹਿਮ ਭੂਮਿਕਾ ਨਿਭਾਈ।

ਵਿਧਾਨ ਸਭਾ ਹਲਕਾ ਆਨੰਦਪੁਰ ਸਾਹਿਬ ਵਿੱਚ ਵੀ ਆਮ ਆਦਮੀ ਪਾਰਟੀ ਨੇ ਅਕਾਲੀ ਦਲ ਨੂੰ ਵੱਡਾ ਝਟਕਾ ਦਿੱਤਾ ਹੈ। ਬ੍ਰਿਗੇਡੀਅਰ ਰਾਜਕੁਮਾਰ ਅਕਾਲੀ ਦਲ ਛੱਡ ਕੇ ਆਪਣੀ ਪੁਰਾਣੀ ਪਾਰਟੀ ਆਮ ਆਦਮੀ ਪਾਰਟੀ ਵਿੱਚ ਵਾਪਸ ਸ਼ਾਮਲ ਹੋ ਗਏ। 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬ੍ਰਿਗੇਡੀਅਰ ਰਾਜਕੁਮਾਰ ਨੇ ਬਲਾਚੌਰ ਤੋਂ ਆਮ ਆਦਮੀ ਪਾਰਟੀ ਦੀ ਟਿਕਟ 'ਤੇ ਚੋਣ ਲੜੀ ਸੀ। ਇਸ ਮੌਕੇ ਬਲਾਚੌਰ ਦੇ ਵਿਧਾਇਕ ਸੰਤੋਸ਼ ਕਟਾਰੀਆ ਵੀ ਮੌਜੂਦ ਸਨ।

ਫ਼ਰੀਦਕੋਟ ਲੋਕ ਸਭਾ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਵੱਡਾ ਹੁਲਾਰਾ ਮਿਲਿਆ ਹੈ। ਮੋਗਾ ਦੇ ਕਈ ਸਮਾਜ ਸੇਵੀ ਅਤੇ ਅਹੁਦੇਦਾਰ 'ਆਪ' ਵਿੱਚ ਸ਼ਾਮਲ ਹੋਏ। ਅਖਤਿਆਰ ਸਿੰਘ ਅਤੇ ਡਾ. ਰਵਿੰਦਰ ਸਿੰਘ ਧਾਲੀਵਾਲ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਵਿੱਚ ਪ੍ਰਮੁੱਖ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਮੋਗਾ ਤੋਂ ਵਿਧਾਇਕ ਅਮਨਦੀਪ ਕੌਰ ਅਰੋੜਾ ਦੀ ਹਾਜ਼ਰੀ ਵਿੱਚ ਇਨ੍ਹਾਂ ਆਗੂਆਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ। ਇਸੇ ਦੌਰਾਨ ਹਲਕਾ ਫ਼ਰੀਦਕੋਟ ਦੇ ਬਾਘਾਪੁਰਾਣਾ ਤੋਂ ਜ਼ਿਲ੍ਹਾ



ਪ੍ਰੀਸ਼ਦ ਮੈਂਬਰ ਤਰਸੇਮ ਸਿੰਘ ਸੰਗਮ ਆਪਣੇ ਸਾਥੀਆਂ ਸਮੇਤ ਵਿਧਾਇਕ ਅੰਮ੍ਰਿਤਪਾਲ ਸੁਖਾਨੰਦ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ। ਪੰਜਾਬ ਦੇ ਲੋਕ ਖ਼ੁਦ ਸਾਡੇ ਕੰਮ ਦੀ ਤਾਰੀਫ਼ ਕਰ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਜਿੰਨਾ ਕੰਮ 'ਆਪ' ਸਰਕਾਰ ਨੇ 2 ਸਾਲਾਂ 'ਚ ਕਰਵਾਇਆ ਹੈ, ਐਨਾ ਕੰਮ ਪਿਛਲੇ 70 ਸਾਲਾਂ 'ਚ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸਾਡੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦੇ ਹਰ ਵਰਗ ਦੇ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਪੰਜਾਬ ਨੂੰ ਮੁੜ ਰੰਗਲਾ ਬਣਾਉਣ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵਾਰ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਕਾਫ਼ੀ ਉਤਸ਼ਾਹਿਤ ਹਨ। ਇਸ ਵਾਰ ਇਹ ਚੋਣ 13-0 ਨਾਲ ਜਿੱਤਾਂਗੇ।

## ਨਸ਼ਿਆਂ ਅਤੇ ਗੁੰਡਾਗਰਦੀ ਨੂੰ ਭਾਜਪਾ ਹੀ ਨੱਥ ਪਾ ਸਕਦੀ ਹੈ- ਮੰਨਾ,ਚੀਮਾ

ਮਾਨਸਾ
ਸਾਂਝੀ ਸੋਚ ਬਿਊਰੋ

ਲੋਕ ਸਭਾ ਹਲਕਾ ਖਡੂਰ ਸਾਹਿਬ ਅਧੀਨ ਪੈਂਦੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਹਲਕਾ ਖਡੂਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਮਨਜੀਤ ਸਿੰਘ ਮੰਨਾ ਮੀਆਂਵਿੰਡ ਦੇ ਹੱਕ ਵਿੱਚ ਭਰਵੀਂ ਚੋਣ ਰੈਲੀ ਕੀਤੀ ਗਈ। ਮਨਜੀਤ ਸਿੰਘ ਮੰਨਾ ਮੀਆਂਵਿੰਡ ਤੋਂ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ,ਲੋਕ ਸਭਾ ਕਨਵੀਨਰ ਮਨਜੀਤ ਸਿੰਘ ਰਾਏ,ਨਰੇਸ਼ ਸ਼ਰਮਾ ਕੋ ਕਨਵੀਨਰ ਤੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਵੀ ਇਸ ਮੌਕੇ ਹਿੱਸਾ ਲਿਆ। ਇਸ ਦੌਰਾਨ ਬੋਲਦਿਆਂ ਮਨਜੀਤ ਸਿੰਘ ਮੰਨਾ ਮੀਆਂਵਿੰਡ ਨੇ ਕਿਹਾ ਕਿ ਨਰਿੰਦਰ ਮੋਦੀ ਦਾ ਤੀਜੀ ਵਾਰ ਦੇਸ਼ ਦਾ ਪ੍ਰਧਾਨ ਮੰਤਰੀ ਬਣਨਾ ਨਿਸ਼ਚਿਤ ਹੈ ਅਤੇ ਪੰਜਾਬ ਦੇ ਲੋਕਾਂ ਨੂੰ ਇਸ ਵਾਰ ਭਾਰਤੀ ਜਨਤਾ ਪਾਰਟੀ ਨੂੰ ਮੌਕਾ ਦੇਣਾ ਚਾਹੀਦਾ ਹੈ।



ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਦੇ ਵਿਕਾਸ ਲਈ ਭਾਜਪਾ ਨੂੰ ਜਿਤਾਉਣਾ ਸਮੇਂ ਦੀ ਪ੍ਰਮੁੱਖ ਲੋੜ ਹੈ। ਮੰਨਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਕਾਂਗਰਸ,ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਤਿੰਨਾਂ ਨੂੰ ਪਰਖ ਕੇ ਵੇਖ ਲਿਆ ਹੈ ਕਿਸੇ ਵੀ ਪਾਰਟੀ ਨੇ ਗਰੀਬ ਵਰਗ ਦੀ ਬਾਂਹ ਨਹੀਂ ਫੜੀ। ਉਨ੍ਹਾਂ ਆਖਿਆ ਕਿ ਪੰਜਾਬ ਵਿੱਚ ਗੁੰਡਾਗਰਦੀ ਅਤੇ ਦਹਿਸ਼ਤਗਰਦੀ ਨੂੰ ਨਕੇਲ ਪਾਉਣ ਦੀ ਸਮਰੱਥਾ ਭਾਜਪਾ ਹੀ ਰੱਖਦੀ ਹੈ। ਭਾਜਪਾ ਨੇ ਯੂ.ਪੀ ਅਤੇ ਬਿਹਾਰ ਵਰਗੇ ਸੂਬਿਆਂ ਵਿੱਚ ਕਾਨੂੰਨ ਸਥਾਪਿਤ ਕਰਕੇ ਪੂਰੇ ਦੇਸ਼ ਵਿੱਚ ਉਦਾਹਰਨ ਪੇਸ਼ ਕੀਤੀ। ਪੰਜਾਬ ਵਿੱਚ ਨਸ਼ਾਖੋਰੀ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਹਿੰਮਤ ਵੀ ਕੇਵਲ ਭਾਜਪਾ ਕੋਲ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਮੋਦੀ ਸਰਕਾਰ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੀ ਅਪੀਲ ਕੀਤੀ। ਇਸ ਮੌਕੇ ਬੋਲਦਿਆਂ ਬਿਕਰਮਜੀਤ ਸਿੰਘ ਚੀਮਾ ਨੇ ਆਖਿਆ ਕਿ ਖਡੂਰ ਸਾਹਿਬ ਵਿੱਚ ਪਹਿਲੀ ਵਾਰ ਕਿਸੇ ਰਾਸ਼ਟਰੀ ਪਾਰਟੀ ਨੇ ਮਨਜੀਤ ਸਿੰਘ ਮੰਨਾ ਵਰਗੇ ਗਰੀਬ ਤੇ ਮਜ਼ਦੂਰ ਪਰਿਵਾਰ ਨਾਲ ਸਬੰਧ ਰੱਖਣ ਵਾਲੇ ਨੂੰ ਟਿਕਟ ਦੇ ਕੇ ਨਿਵਾਜਿਆ। ਹੁਣ ਗਰੀਬ ਭਾਈਚਾਰੇ ਦਾ ਫਰਜ਼ ਬਣਦਾ ਹੈ ਕਿ ਮੰਨਾ ਨੂੰ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਣ। ਹਲਕਾ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਬੋਲਦਿਆਂ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਵਿੱਚ ਭਾਜਪਾ ਦੀ ਸਥਿਤੀ ਦਿਨੋ-ਦਿਨ ਮਜ਼ਬੂਤ ਹੋ ਰਹੀ ਹੈ ਅਤੇ ਇਸ ਹਲਕੇ ਤੋਂ ਭਾਜਪਾ ਨੂੰ ਵੱਡੀ ਲੀਡ ਮਿਲੇਗੀ। ਉਨ੍ਹਾਂ ਆਖਿਆ ਕਿ ਲੋਕ ਰਵਾਇਤੀ ਪਾਰਟੀਆਂ ਤੋਂ ਤੰਗ ਪਰੇਸ਼ਾਨ ਹਨ ਇਸ ਵਾਰ ਲਓ ਭਾਜਪਾ ਨੂੰ ਮੌਕਾ ਦੇਣ ਦਾ ਮਨ ਬਣਾ ਚੁੱਕੇ ਹਨ। ਇਸ ਮੌਕੇ 'ਤੇ ਹੋਰਨਾਂ ਤੋਂ ਭੁਪਿੰਦਰ ਸਿੰਘ ਬੰਡਾਲਾ ਚੇਅਰਮੈਨ ਮਿਲਕ ਪਲਾਂਟ ਵੇਰਕਾ,ਚੇਅਰਮੈਨ ਕੰਵਰਬੀਰ ਸਿੰਘ ਮੰਜ਼ਿਲ, ਸੁਪਨਦੀਪ ਸਿੰਘ ਸਾਬੀ, ਮਨਜੀਤ ਸਿੰਘ ਤਰਸਿੱਕਾ,ਲਾਡੀ ਨੰਬਰਦਾਰ,ਕਪਿਲ ਦੇਵ (ਸਾਰੇ ਭਾਜਪਾ ਮੰਡਲ ਪ੍ਰਧਾਨ ਜੰਡਿਆਲਾ ਗੁਰੂ )ਜਗਰੂਪ ਸਿੰਘ ਵਡਾਲੀ,ਨਿਰਵੈਲ ਸਿੰਘ ਸਰਪੰਚ,ਬਲਵੰਤ ਸਿੰਘ , ਦੀਪਕ ਕੁਮਾਰ ਗਹਿਰੀ ਮੰਡੀ,ਕੁਲਦੀਪ ਸਿੰਘ ਮੈਂਬਰ ਪੰਚਾਇਤ, ਗੁਰਮੇਲ ਸਿੰਘ ਬੇਰੀ ਵਾਲਾ, ਮਨਦੀਪ ਕੌਰ ਰਿਆੜ, ਰਾਜਵੀਰ ਸਿੰਘ ਮਹਿਤਾ, ਜਗੀਰ ਸਿੰਘ ਸਰਪੰਚ ਬੁੱਟਰ, ਲਾਭ ਸਿੰਘ ਗੱਗੜਭਾਣਾ,ਸਰਬਜੀਤ ਸਿੰਘ ਖਾਨਕੋਟ, ਗੁਰਬਖਸ਼ ਸਿੰਘ ਗੋਪੀ,ਪਰਮਿੰਦਰ ਸਿੰਘ,ਨਾਨਕ ਸਿੰਘ ਨਵਾਂ ਪਿੰਡ, ਮਬਲਦੇਵ ਸਿੰਘ ਬੱਬੂ, ਬਲਵਿੰਦਰ ਸਿੰਘ ਸੈਦੋਲੇਲ੍ਹ, ਹਰਜੋਤ ਸਿੰਘ ਮਹਿਤਾ,ਠੇਕੇਦਾਰ ਬਲਵਿੰਦਰ ਸਿੰਘ ਤਰਸਿੱਕਾ,ਸੁਭਾਸ਼ ਚੰਦਰ, ਸੁਖਵਿੰਦਰ ਸਿੰਘ ਰੂਬੀ, ਅਮਰਜੀਤ ਕੌਰ ਪ੍ਰਧਾਨ,ਸ਼ੀਲਾ ਸ਼ਰਮਾ,ਲਖਬੀਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।





# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

# Now Open New Banquet Hall in Sacramento

**For more info: Contact Paul : (916)334-6000**




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE
&
SUPPORT
ਹਲਕਾ
ਸੰਗਰੂਰ
ਹਲਕਾ
ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400,
341 356 1517**

**Email: palfilms@yahoo.com,
palfilms925@gmail.com, www.palfilms.com**

**4007 Railroad Ave
Pittsburgh, CA 94565**

# ਢਾਈ ਸਾਲਾਂ ਵਿੱਚ ਇੱਕ ਵੀ ਵਾਅਦਾ ਪੂਰਾ ਨਹੀਂ ਕਰ ਸਕੀ ਆਮ ਆਦਮੀ ਪਾਰਟੀ: ਪ੍ਰਨੀਤ ਕੌਰ

ਪਟਿਆਲਾ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ। ਪਿਛਲੇ ਢਾਈ ਸਾਲਾਂ ਵਿੱਚ ਇਸ ਪਾਰਟੀ ਨੇ ਲੋਕਾਂ ਨਾਲ ਕੀਤਾ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਇਹ ਗੱਲ ਭਾਰਤੀ ਜਨਤਾ ਪਾਰਟੀ ਦੀ ਉਮੀਦਵਾਰ ਤੇ ਸਾਬਕਾ ਵਿਦੇਸ਼ ਰਾਜ ਮੰਤਰੀ ਪ੍ਰਨੀਤ ਕੌਰ ਨੇ ਸੋਮਵਾਰ ਨੂੰ ਸਨੌਰ ਵਿੱਚ ਇੱਕ ਜਨ ਸਭਾ ਨੂੰ ਸੰਬੋਧਨ ਕਰਦਿਆਂ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਔਰਤਾਂ ਦਾ ਸਤਿਕਾਰ ਨਾ ਕਰਨ ਵਾਲੀ ਆਮ ਆਦਮੀ ਪਾਰਟੀ ਨੇ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਵੀ ਪੂਰਾ ਨਹੀਂ ਕੀਤਾ। ਜਦੋਂ 'ਆਪ' ਦੇ ਲੋਕ ਵੋਟਾਂ ਮੰਗਣ ਲਈ ਲੋਕਾਂ ਦੇ ਘਰਾਂ 'ਚ ਆਉਣ ਤਾਂ ਸਾਰੀਆਂ ਬੀਬੀਆਂ ਨੂੰ ਚਾਹੀਦਾ ਹੈ ਕਿ ਉਹ ਸਭ ਤੋਂ ਪਹਿਲਾਂ ਉਨ੍ਹਾਂ ਤੋਂ ਲੰਘੇ 26 ਮਹੀਨਿਆਂ ਦਾ ਬਕਾਇਆ 26 ਹਜ਼ਾਰ ਰੁਪਏ ਜਰੂਰ ਮੰਗਣ। ਭਾਜਪਾ ਆਗੂ ਨੇ ਕਿਹਾ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਹੈ ਕਿ ਆਮ ਆਦਮੀ ਪਾਰਟੀ ਦੇ ਕੁਝ ਵਰਕਰ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਧਰਨਿਆਂ ਵਿੱਚ ਕਿਸਾਨ ਬਣਕੇ ਕੇ ਧਰਨਿਆਂ ਵਿੱਚ ਸ਼ਾਮਲ ਹੋ ਕੇ ਕਿਸਾਨਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਕਿਸਾਨਾਂ ਦੀਆਂ ਸਾਰੀਆਂ ਮੰਗਾਂ ਜਾਇਜ਼ ਹਨ ਅਤੇ ਉਨ੍ਹਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।



ਕਾਂਗਰਸ ਦੇ ਜਨਰਲ ਸਕੱਤਰ ਜਤਿੰਦਰ ਸਿੰਘ, ਅਕਾਲੀ ਦਲ ਦੇ ਰੁਪਿੰਦਰ ਸਿੰਘ, ਮਨਦੀਪ ਸਿੰਘ, ਫਤਿਹ ਸਿੰਘ, ਰਾਜੂ ਰਾਮ, ਅਮਰਿੰਦਰ ਢੋਟ, ਜਸਵਿੰਦਰ ਸਿੰਘ ਰੇਤਗੜ੍ਹ, ਜੱਸਾ ਸਿੰਘ ਸਬਾਜਪੁਰਾ, ਰਵਿੰਦਰ ਸਿੰਘ ਸਮਾਣਾ ਅਤੇ ਜਸਬੀਰ ਸਿੰਘ ਸ਼ਾਹਪੁਰ ਸੋਮਵਾਰ ਨੂੰ ਕਾਂਗਰਸ ਅਤੇ ਆਮ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਪ੍ਰਨੀਤ ਕੌਰ ਨੇ ਹੋਰਨਾਂ ਸਿਆਸੀ ਪਾਰਟੀਆਂ ਦੇ ਇਨ੍ਹਾਂ ਆਗੂਆਂ ਦਾ ਭਾਜਪਾ ਵਿੱਚ ਸਵਾਗਤ ਕੀਤਾ। ਜਨ ਸਭਾ ਨੂੰ ਸੰਬੋਧਨ ਕਰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਨੇ ਮੁੱਖ ਮੰਤਰੀ ਰਹਿੰਦਿਆਂ ਹਲਕਾ ਸਨੌਰ ਦੇ ਵਿਕਾਸ ਲਈ ਹਮੇਸ਼ਾ ਹੀ ਸੰਜੀਦਗੀ ਦਿਖਾਈ ਹੈ। ਉਨ੍ਹਾਂ ਕਿਹਾ ਕਿ ਮਹਾਰਾਜਾ ਕੈਪਟਨ ਅਮਰਿੰਦਰ ਸਿੰਘ ਨੇ ਆਪਣੇ ਸਮੇਂ ਦੌਰਾਨ ਸਨੌਰ ਨੂੰ ਚੰਡੀਗੜ੍ਹ-ਸੰਗਰੂਰ ਬਾਈਪਾਸ ਨਾਲ ਜੋੜਨ ਦਾ ਕੰਮ ਕੀਤਾ। ਇਸ ਤੋਂ ਇਲਾਵਾ ਸਨੌਰ ਨੂੰ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ। ਅੱਜ ਪਟਿਆਲਾ ਜ਼ਿਲ੍ਹੇ ਵਿੱਚ ਸਨੌਰ ਆਪਣੀ ਵੱਖਰੀ ਪਛਾਣ ਬਣਾਈ ਰੱਖਣ ਵਿੱਚ ਪੂਰੀ ਤਰ੍ਹਾਂ ਕਾਮਯਾਬ ਰਿਹਾ ਹੈ। ਪ੍ਰਨੀਤ ਕੌਰ ਨੇ ਕਿਹਾ ਕਿ ਸਨੌਰ ਨੂੰ ਹੋਰ ਵਿਕਸਤ ਕਰਨ ਦੀ ਲੋੜ ਹੈ ਤਾਂ ਜੋ ਇਸ ਖੇਤਰ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਣ। ਸਨੌਰ ਤੋਂ ਦੇਵੀਗੜ੍ਹ ਤੱਕ ਸੜਕ ਨੂੰ ਚੌੜਾ ਕਰਨ ਦੇ ਨਾਲ-ਨਾਲ ਸਨੌਰ ਨੂੰ ਇੱਕ ਪ੍ਰਮੁੱਖ ਖੇਤੀਬਾੜੀ ਕੇਂਦਰ ਵਜੋਂ ਵਿਕਸਤ ਕਰਨ ਦੀ ਜਰੂਰਤ ਹੈ। ਸਨੌਰ ਅੱਜ ਸਬਜਿਆਂ ਦੀ ਪੈਦਾਵਾਰ ਵਿੱਚ ਵੱਡੀ ਹਿੱਸੇਦਾਰੀ ਪਾ ਰਿਹਾ ਹੈ। ਸਨੌਰ ਦੇ ਜਿਹੜੇ ਇਲਾਕੇ ਘੱਗਰ ਦੇ ਪਾਣੀ ਦੀ ਮਾਰ ਝੱਲ ਰਹੇ ਹਨ, ਉਹ ਕੇਂਦਰ ਸਰਕਾਰ ਤੋਂ ਇਸ ਦਾ ਸਥਾਈ ਹੱਲ ਕਰਵਾ ਚੁੱਕੇ ਹਨ, ਪਰ ਉਸਨੂੰ ਅਮਲੀਜਾਮਾ ਚੋਣਾ ਤੋਂ ਬਾਅਦ ਦਿੱਤਾ ਜਾਣਾ ਹੈ।

